SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 238 | Thursday, December 28, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

# ਓਨਟਾਰੀਓ ਦੇ ਸਕੂਲਾਂ ਵਿੱਚ ਬੰਬ ਹੋਣ ਦੀਆਂ ਧਮਕੀਆਂ ਦੇਣ ਵਾਲੇ ਮੋਰਾਕੋ ਦੇ ਵਿਅਕਤੀ ਨੂੰ ਕੀਤਾ ਗਿਆ ਚਾਰਜ



ਓਨਟਾਰੀਓ, 27 ਦਸੰਬਰ (ਪੋਸਟ ਬਿਊਰੋ) : ਨਵੰਬਰ ਦੇ ਸ਼ੁਰੂ ਵਿੱਚ ਓਨਟਾਰੀਓ ਵਿੱਚ ਬੰਬ ਸਬੰਧੀ ਕਈ ਧਮਕੀਆਂ ਦੇਣ ਵਾਲੇ ਮੋਰਾਕੋ ਦੇ ਵਿਅਕਤੀ ਨੂੰ ਚਾਰਜ ਕੀਤਾ ਗਿਆ ਹੈ। ਪੁਲਿਸ ਨੇ ਦੱਸਿਆ ਕਿ ਪਹਿਲੀ ਨਵੰਬਰ ਨੂੰ ਪ੍ਰੋਵਿੰਸ ਦੇ ਉੱਤਰੀ ਤੇ ਪੂਰਬੀ ਏਰੀਆ ਵਿੱਚ ਸਥਿਤ ਕਈ ਧਾਰਮਿਕ ਤੇ ਗੈਰ ਧਾਰਮਿਕ ਸਕੂਲਾਂ ਖਿਲਾਫ ਇਹ ਧਮਕੀਆਂ ਦਿੱਤੀਆਂ ਗਈਆਂ। ਇਹ ਵੀ ਦੱਸਿਆ ਗਿਆ ਕਿ ਕੁੱਝ ਪਬਲਿਕ ਫੈਸਿਲੀਟੀਜ਼ ਨੂੰ ਵੀ ਧਮਕੀਆਂ ਦਿੱਤੀਆਂ ਗਈਆਂ। ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਅਨੁਸਾਰ ਕਿਸੇ ਵਿਅਕਤੀ ਵੱਲੋਂ ਇਨ੍ਹਾਂ ਥਾਂਵਾਂ ਉੱਤੇ ਧਮਾਕਾਖੇਜ਼ ਸਮੱਗਰੀ ਹੋਣ ਦੀ ਜਾਣਕਾਰੀ ਦੇਣ ਬਦਲੇ ਪੈਸੇ ਦੀ ਮੰਗ ਕੀਤੀ ਜਾਂਦੀ ਸੀ।

ਇਸ ਤਰ੍ਹਾਂ ਦੀਆਂ ਧਮਕੀਆਂ ਮਿਲਣ ਤੋਂ ਬਾਅਦ ਜਦੋਂ ਪੁਲਿਸ ਵੱਲੋਂ ਇਨ੍ਹਾਂ ਬਿਲਡਿੰਗਾਂ ਦੀ ਜਾਂਚ ਕੀਤੀ ਗਈ ਤਾਂ ਉਨ੍ਹਾਂ ਨੂੰ ਉੱਥੇ ਨਾ ਹੀ ਧਮਾਕਾਖੇਜ਼ ਸਮੱਗਰੀ ਮਿਲੀ ਤੇ ਨਾ ਹੀ ਅਜਿਹੀ ਕੋਈ ਡਿਵਾਈਸ ਮਿਲੀ। ਪੁਲਿਸ ਨੇ ਦੱਸਿਆ ਕਿ ਅਹਿਤਿਆਤਨ ਬਿਲਡਿੰਗਾਂ ਨੂੰ ਖਾਲੀ ਜ਼ਰੂਰ ਕਰਵਾਇਆ ਗਿਆ ਤੇ ਜਾਂ ਫਿਰ ਉਨ੍ਹਾਂ ਨੂੰ ਪੂਰਾ ਦਿਨ ਬੰਦ ਰੱਖ ਕੇ ਜਾਂਚ ਕੀਤੀ ਗਈ। ਪੁਲਿਸ ਨੇ ਦੱਸਿਆ ਕਿ ਨਵੰਬਰ ਦੇ ਅਖੀਰ ਵਿੱਚ ਹੀ ਮੋਰਾਕੋ ਵਿੱਚ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲਿਆ ਗਿਆ। ਪੁਲਿਸ ਨੇ ਆਖਿਆ ਕਿ ਉਨ੍ਹਾਂ ਕੋਲ ਇਸ ਗੱਲ ਦੇ ਪੁਖ਼ਤਾ ਸਬੂਤ ਹਨ ਕਿ ਇਹ ਵਿਅਕਤੀ ਹੀ ਇਨ੍ਹਾਂ ਧਮਕੀਆਂ ਲਈ ਜ਼ਿੰਮੇਵਾਰ ਸੀ।

27 ਦਸੰਬਰ ਨੂੰ ਪੁਲਿਸ ਨੇ ਦੱਸਿਆ ਕਿ ਮਸ਼ਕੂਕ ਜਿਸ ਦੀ ਪਛਾਣ ਕੈਸਾਬਲੈਂਕਾ ਦੇ 45 ਸਾਲਾ ਅਲ ਹਾਕਮ ਅਲ ਮੌਸੀ ਵਜੋਂ ਹੋਈ ਹੈ, ਨੂੰ ਇਸ ਜਾਂਚ ਦੇ ਸਬੰਧ ਵਿੱਚ ਗ੍ਰਿਫਤਾਰ ਕੀਤਾ ਗਿਆ। ਇਸ ਵਿਅਕਤੀ ਨੂੰ ਧਮਕੀਆਂ ਦੇਣ, ਸ਼ਰਾਰਤ ਕਰਨ ਤੇ ਜਬਰਨ ਵਸੂਲੀ ਵਰਗੇ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੋਰਾਕੋ ਦੇ ਇਸ ਵਿਅਕਤੀ ਨੂੰ ਓਨਟਾਰੀਓ ਦੀ ਅਦਾਲਤ ਸਾਹਮਣੇ ਕਿਸ ਤਰ੍ਹਾਂ ਪੇਸ਼ ਕੀਤਾ ਜਾਵੇ ਇਸ ਲਈ ਓਪੀਪੀ ਫੈਡਰਲ ਡਿਪਾਰਟਮੈਂਟ ਆਫ ਜਸਟਿਸ ਦੀ ਸਲਾਹ ਲੈ ਰਹੀ ਹੈ।

# ਕਾਰਜੈਕਿੰਗ ਕਰਨ ਵਾਲੇ ਟੋਰਾਂਟੋ ਦੇ 20 ਸਾਲਾ ਵਿਅਕਤੀ ਨੂੰ ਪੁਲਿਸ ਨੇ ਕੀਤਾ ਚਾਰਜ




ਟੋਰਾਂਟੋ, 27 ਦਸੰਬਰ (ਪੋਸਟ ਬਿਊਰੋ) : ਐਜੈਕਸ ਏਰੀਆ ਵਿੱਚ ਕਾਰਜੈਕਿੰਗ ਕਰਨ, ਗੱਡੀ ਨੂੰ ਰੁੱਖ ਵਿੱਚ ਮਾਰਨ ਤੇ ਫਿਰ ਦੋ ਹੋਰ ਕਾਰਾਂ ਚੋਰੀ ਕਰਨ ਦੀ ਕੋਸ਼ਿਸ਼ ਕਰਨ ਵਾਲੇ ਟੋਰਾਂਟੋ ਦੇ ਇੱਕ ਵਿਅਕਤੀ ਨੂੰ ਚਾਰਜ ਕੀਤਾ ਗਿਆ ਹੈ। ਦਰਹਾਮ ਰੀਜਨਲ ਪੁਲਿਸ ਸਰਵਿਸ ਨੇ ਦੱਸਿਆ ਕਿ ਇਹ ਘਟਨਾ 23 ਦਸੰਬਰ ਨੂੰ ਦੁਪਹਿਰੇ 3:00 ਵਜੇ ਤੋਂ ਬਾਅਦ ਵਾਪਰੀ। ਪੁਲਿਸ ਅਧਿਕਾਰੀਆਂ ਨੂੰ ਐਜੈਕਸ ਵਿੱਚ ਬੇਅਲੀ ਸਟਰੀਟ ਵੈਸਟ ਤੇ ਕਿਟਨੇ ਡਰਾਈਵ ਇਲਾਕੇ ਦੇ ਪਾਰਕਿੰਗ ਲੌਟ ਵਿੱਚ ਸੱਦਿਆ ਗਿਆ। ਇੱਥੇ ਇੱਕ ਵਿਅਕਤੀ ਦੂਜੇ ਵਿਅਕਤੀ ਕੋਲ ਗਿਆ ਤੇ ਉਸ ਨੇ ਗੱਡੀ ਵਿੱਚ ਸਵਾਰ ਲੋਕਾਂ ਨੂੰ ਇਹ ਆਖਦਿਆਂ ਹੋਇਆਂ ਗੱਡੀ ਵਿੱਚੋਂ ਉਤਰਨ ਲਈ ਕਿਹਾ ਕਿ ਉਸ ਕੋਲ ਹਥਿਆਰ ਹੈ।

ਪੁਲਿਸ ਨੇ ਦੱਸਿਆ ਕਿ ਫਿਰ ਗੱਡੀ ਵਿੱਚ ਸਵਾਰ ਹੋ ਕੇ ਮਸ਼ਕੂਕ ਉਸ ਇਲਾਕੇ ਤੋਂ ਫਰਾਰ ਹੋ ਗਿਆ ਤੇ ਥੋੜ੍ਹੀ ਹੀ ਦੂਰੀ ਉੱਤੇ ਉਸ ਨੇ ਗੱਡੀ ਇੱਕ ਰੁੱਖ ਵਿੱਚ ਜਾ ਮਾਰੀ। ਜਦੋਂ ਨੇੜਿਓਂ ਲੰਘ ਰਹੇ ਵਿਅਕਤੀ ਨੇ ਉਸ ਦੀ ਮਦਦ ਕਰਨ ਦੀ ਕੋਸ਼ਿਸ਼ ਕੀਤੀ ਤਾਂ ਮਸ਼ਕੂਕ ਨੇ ਉਸ ਦੀ ਗੱਡੀ ਨੂੰ ਵੀ ਕਾਰਜੈਕ ਕਰਨ ਦੀ ਕੋਸ਼ਿਸ਼ ਕੀਤੀ। ਪੁਲਿਸ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਉਹ ਕਾਮਯਾਬ ਨਹੀਂ ਹੋ ਸਕਿਆ ਤੇ ਉੱਥੋਂ ਪੈਦਲ ਹੀ ਫਰਾਰ ਹੋ ਗਿਆ।

ਇਸ ਤੋਂ ਬਾਅਦ ਦਰਹਾਮ ਕੇ 9 ਤੇ ਰੌਬਰੀ ਯੂਨਿਟ ਨੇ ਪ੍ਰੋਵਿੰਸ਼ੀਅਲ ਕਾਰਜੈਕਿੰਗ ਟਾਸਕ ਫੋਰਸ ਦੇ ਨਾਲ ਰਲ ਕੇ ਇਲਾਕੇ ਦੀ ਛਾਣਬੀਣ ਕੀਤੀ ਤੇ ਟੋਰਾਂਟੋ ਦੇ 20 ਸਾਲਾ ਰਿਕਾਰਡੋ ਨਿਊਵੈੱਲ ਨੂੰ ਗ੍ਰਿਫਤਾਰ ਕਰ ਲਿਆ। ਪੁਲਿਸ ਨੇ ਆਖਿਆ ਕਿ ਜਿੰਨੀ ਦੇਰ ਉਨ੍ਹਾਂ ਨੂੰ ਨਿਊਵੈੱਲ ਨੂੰ ਲੋਕੇਟ ਕਰਨ ਵਿੱਚ ਲੱਗੀ ਓਨੀ ਦੇਰ ਵਿੱਚ ਹੀ ਉਸ ਨੇ ਤੀਜੇ ਵਿਅਕਤੀ ਤੋਂ ਗੱਡੀ ਖੋਹਣ ਦੀ ਕੋਸ਼ਿਸ਼ ਕਰ ਲਈ। 20 ਸਾਲਾ ਨਿਊਵੈੱਲ ਉੱਤੇ ਡਾਕਾ ਮਾਰਨ, ਜੁਰਮ ਕਰਨ ਦੇ ਇਰਾਦੇ ਨਾਲ ਹਥਿਆਰ ਰੱਖਣ, ਭੇਸ ਬਦਲਣ, ਜੁਰਮ ਦੌਰਾਨ ਹਥਿਆਰ ਦੀ ਵਰਤੋਂ ਕਰਨ ਤੇ ਰਲੀਜ਼ ਆਰਡਰ ਮੁਕੰਮਲ ਕਰਨ ਵਿੱਚ ਅਸਫਲ ਰਹਿਣ ਦੇ ਚਾਰਜਿਜ਼ ਲਾਏ ਗਏ ਹਨ।

## ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਰਾਹਗੀਰ ਜ਼ਖ਼ਮੀ




ਵਾਅਨ, 27 ਦਸੰਬਰ (ਪੋਸਟ ਬਿਊਰੋ) : ਮੰਗਲਵਾਰ ਰਾਤ ਨੂੰ ਵਾਅਨ ਵਿੱਚ ਇੱਕ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਰਾਹਗੀਰ ਨੂੰ ਹਸਪਤਾਲ ਲਿਜਾਇਆ ਗਿਆ। ਇਹ ਜਾਣਕਾਰੀ ਯੌਰਕ ਰੀਜਨਲ ਪੁਲਿਸ ਅਧਿਕਾਰੀਆਂ ਨੇ ਦਿੱਤੀ।

ਸੋਸ਼ਲ ਮੀਡੀਆ ਉੱਤੇ ਸਾਂਝੀ ਕੀਤੀ ਗਈ ਪੋਸਟ ਅਨੁਸਾਰ ਪੁਲਿਸ ਦੇ ਬੁਲਾਰੇ ਨੇ ਦੱਸਿਆ ਕਿ ਐਮਰਜੰਸੀ ਅਮਲੇ ਨੂੰ ਡਫਰਿਨ ਸਟਰੀਟ ਤੇ ਲੈਂਗਸਟਾਫ ਰੋਡ ਇਲਾਕੇ ਵਿੱਚ ਰਾਤੀਂ 9:45 ਉੱਤੇ ਸੱਦਿਆ ਗਿਆ। ਹਾਦਸੇ ਦੇ ਕਾਰਨਾਂ ਬਾਰੇ ਅਜੇ ਸਪਸ਼ਟ ਜਾਣਕਾਰੀ ਨਹੀਂ ਮਿਲੀ ਹੈ।

ਇੱਕ ਅਪਡੇਟ ਵਿੱਚ ਜਾਂਚਕਾਰਾਂ ਨੇ ਦੱਸਿਆ ਕਿ ਗੱਡੀ ਦਾ ਡਰਾਈਵਰ ਵੀ ਮੌਕੇ ਉੱਤੇ ਮੌਜੂਦ ਰਿਹਾ। ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਕਿ ਡਰਾਈਵਰ ਨੂੰ ਕਿਸੇ ਤਰ੍ਹਾਂ ਦੇ ਚਾਰਜਿਜ਼ ਦਾ ਸਾਹਮਣਾ ਕਰਨਾ ਹੋਵੇਗਾ ਜਾਂ ਨਹੀਂ। ਸਬੂਤ ਇੱਕਠੇ ਕਰਨ ਲਈ ਜਾਂਚਕਾਰਾਂ ਵੱਲੋਂ ਲੈਂਗਸਟਾਫ ਰੋਡ ਦੀਆਂ ਪੂਰਬ ਵਾਲੀਆਂ ਲੇਨਜ਼ ਨੂੰ ਬੰਦ ਕਰ ਦਿੱਤਾ ਗਿਆ।

# ਦੋ ਗੱਡੀਆਂ ਦੀ ਟੱਕਰ ਵਿੱਚ ਇੱਕ ਹਲਾਕ, ਇੱਕ ਜ਼ਖ਼ਮੀ



ਜਾਰਜਟਾਊਨ, 27 ਦਸੰਬਰ (ਪੋਸਟ ਬਿਊਰੋ) : ਬੁੱਧਵਾਰ ਨੂੰ ਜਾਰਜਟਾਊਨ ਵਿੱਚ ਦੋ ਗੱਡੀਆਂ ਦਰਮਿਆਨ ਹੋਈ ਟੱਕਰ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਜਦਕਿ ਇੱਕ ਹਸਪਤਾਲ ਵਿੱਚ ਜ਼ੇਰੇ ਇਲਾਜ ਹੈ।

ਹਾਲਟਨ ਰੀਜਨਲ ਪੁਲਿਸ ਨੇ ਆਖਿਆ ਕਿ ਇਹ ਹਾਦਸਾ 17 ਸਾਈਡ ਰੋਡ ਤੇ ਟਰੈਫਲਗਰ ਰੋਡ ਇਲਾਕੇ ਵਿੱਚ ਵਾਪਰਿਆ। ਹਸਪਤਾਲ ਵਿੱਚ ਦਾਖਲ ਵਿਅਕਤੀ ਦੀ ਹਾਲਤ ਬਾਰੇ ਅਜੇ ਹੋਰ ਜਾਣਕਾਰੀ ਹਾਸਲ ਨਹੀਂ ਹੋ ਸਕੀ ਹੈ। ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਨੇ ਟਰੈਫਲਗਰ ਰੋਡ ਨੂੰ 17 ਸਾਈਡ ਰੋਡ ਤੇ 15 ਸਾਈਡ ਰੋਡ ਦਰਮਿਆਨ ਬੰਦ ਕਰ ਦਿੱਤਾ ਹੈ।

# ਕਾਂਗੋ ਵਿਚ ਭਾਰੀ ਮੀਂਹ ਅਤੇ ਹੜ੍ਹ ਕਾਰਨ 22 ਲੋਕਾਂ ਦੀ ਮੌਤ, 400 ਤੋਂ ਵੱਧ ਲਾਪਤਾ



ਕਾਂਗੋ, 27 ਦਸੰਬਰ (ਪੋਸਟ ਬਿਊਰੋ): ਅਫਰੀਕੀ ਦੇਸ਼ ਕਾਂਗੋ 'ਚ ਹੜ੍ਹ ਅਤੇ ਮੀਂਹ ਨੇ ਤਬਾਹੀ ਮਚਾਈ ਹੋਈ ਹੈ। ਲੋਕਾਂ ਦੇ ਘਰ, ਦੁਕਾਨਾਂ ਅਤੇ ਅਦਾਰੇ ਹੜ੍ਹਾਂ ਅਤੇ ਮੀਂਹ ਦਾ ਸ਼ਿਕਾਰ ਹੋ ਗਏ ਹਨ। ਇਸ ਭਿਆਨਕ ਤਬਾਹੀ 'ਚ ਹੁਣ ਤੱਕ 22 ਲੋਕਾਂ ਦੀ ਮੌਤ ਹੋ ਚੁੱਕੀ ਹੈ, ਜਦਕਿ 400 ਤੋਂ ਵੱਧ ਲਾਪਤਾ ਲੋਕਾਂ ਦੀ ਭਾਲ ਜਾਰੀ ਹੈ। ਮੰਗਲਵਾਰ ਨੂੰ ਇਹ ਜਾਣਕਾਰੀ ਦਿੰਦੇ ਹੋਏ ਇਕ ਸਥਾਨਕ ਅਧਿਕਾਰੀ ਨੇ ਦੱਸਿਆ ਕਿ ਅਫਰੀਕੀ ਦੇਸ਼ ਕਾਂਗੋ ਵਿਚ ਭਾਰੀ ਮੀਂਹ ਕਾਰਨ ਆਏ ਹੜ੍ਹ 'ਚ ਘੱਟੋ-ਘੱਟ 22 ਲੋਕਾਂ ਦੀ ਮੌਤ ਹੋ ਗਈ। ਕਸਾਈ ਕੇਂਦਰੀ ਸੂਬੇ ਦੇ ਗਵਰਨਰ ਜੌਹਨ ਕਾਬੇਯਾ ਨੇ ਕਿਹਾ ਕਿ ਕਨੰਗਾ ਜ਼ਿਲ੍ਹੇ ਵਿੱਚ ਘੰਟਿਆਂਬੱਧੀ ਪਏ ਮੀਂਹ ਨੇ ਕਈ ਘਰਾਂ ਅਤੇ ਉਸਾਰੀ ਵਾਲੀਆਂ ਥਾਵਾਂ ਨੂੰ ਤਬਾਹ ਕਰ ਦਿੱਤਾ।

ਉਨ੍ਹਾਂ ਦੱਸਿਆ ਕਿ ਇਲਾਕੇ 'ਚ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ੁਰੂਆਤੀ ਤੌਰ 'ਤੇ 17 ਮੌਤਾਂ ਹੋਈਆਂ ਸਨ ਅਤੇ ਮੰਗਲਵਾਰ ਨੂੰ ਪੰਜ ਹੋਰ ਲੋਕਾਂ ਦੀ ਮੌਤ ਦੀ ਪੁਸ਼ਟੀ ਹੋਈ ਸੀ। ਕਾਬੇਯਾ ਨੇ ਕਿਹਾ ਕਿ ਕੰਧ ਡਿੱਗਣ ਨਾਲ ਦਸ ਲੋਕਾਂ ਦੀ ਮੌਤ ਹੋ ਗਈ, ਸਾਰੇ ਬਿਕੁਕੂ ਵਿੱਚ ਇੱਕੋ ਪਰਿਵਾਰ ਦੇ ਮੈਂਬਰ ਸਨ। ਭਾਰੀ ਮੀਂਹ ਕਾਰਨ ਕਾਂਗੋ ਦੇ ਕੁਝ ਹਿੱਸਿਆਂ ਵਿੱਚ ਅਕਸਰ ਹੜ੍ਹ ਵਰਗੇ ਹਾਲਾਤ ਪੈਦਾ ਹੋ ਜਾਂਦੇ ਹਨ। ਇਸ ਤੋਂ ਪਹਿਲਾਂ ਮਈ ਵਿੱਚ, ਪੂਰਬੀ ਕਾਂਗੋ ਦੇ ਦੱਖਣੀ ਕਿਵੂ ਸੂਬੇ ਵਿੱਚ ਰਾਤ ਭਰ ਪਏ ਭਾਰੀ ਮੀਂਹ ਕਾਰਨ ਹੜ੍ਹ ਅਤੇ ਜ਼ਮੀਨ ਖਿਸਕਣ ਕਾਰਨ 400 ਤੋਂ ਵੱਧ ਲੋਕ ਮਾਰੇ ਗਏ ਸਨ।

## ਛੁਰੇਬਾਜ਼ੀ ਵਿੱਚ ਇੱਕ ਜ਼ਖ਼ਮੀ




ਟੋਰਾਂਟੋ 27 ਦਸੰਬਰ (ਪੋਸਟ ਬਿਊਰੋ) : ਬੁੱਧਵਾਰ ਸਵੇਰੇ ਮੌਸ ਪਾਰਕ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਤੜਕੇ 1:20 ਤੋਂ ਬਾਅਦ ਸ਼ਟਰ ਤੇ ਪਾਰਲੀਆਮੈਂਟ ਸਟਰੀਟ ਏਰੀਆ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਦੀ ਜਾਣਕਾਰੀ ਮਿਲਣ ਸਾਰ ਪੁਲਿਸ ਮੌਕੇ ਉੱਤੇ ਪਹੁੰਚੀ। ਗੰਭੀਰ ਹਾਲਤ ਵਿੱਚ ਪੈਰਾਮੈਡਿਕਸ ਵੱਲੋਂ ਇੱਕ ਵਿਅਕਤੀ, ਜੋ ਕਿ ਆਪਣੇ 20ਵਿਆਂ ਵਿੱਚ ਸੀ, ਨੂੰ ਹਸਪਤਾਲ ਲਿਜਾਇਆ ਗਿਆ। ਅਜੇ ਤੱਕ ਮਸ਼ਕੂਕ ਦੇ ਸਬੰਧ ਵਿੱਚ ਕੋਈ ਜਾਣਕਾਰੀ ਨਹੀਂ ਮਿਲੀ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਅਮਰੀਕਾ ਵਿਚ ਭਾਰਤੀ ਮੂਲ ਦੇ ਬੌਬੀ ਚਾਵਲਾ ਨੂੰ 22 ਮਹੀਨਿਆਂ ਬਾਅਦ ਮਿਲਿਆ ਆਪਣਾ ਘਰ, ਪਿਛਲਾ ਮਾਲਿਕ ਨਹੀਂ ਕਰ ਰਿਹਾ ਸੀ ਖਾਲ੍ਹੀ



ਨਿਊਯਾਰਕ, 27 ਦਸੰਬਰ (ਪੋਸਟ ਬਿਊਰੋ): ਨਿਊਯਾਰਕ ਵਿੱਚ ਭਾਰਤੀ ਮੂਲ ਦੇ ਬੌਬੀ ਚਾਵਲਾ ਨੂੰ 22 ਮਹੀਨਿਆਂ ਬਾਅਦ ਆਪਣਾ ਘਰ ਮਿਲਿਆ ਹੈ। ਜਾਣਕਾਰੀ ਮੁਤਾਬਕ ਬੌਬੀ ਦੇ ਘਰ 'ਤੇ ਜੋੜੇ ਨੇ ਕਬਜ਼ਾ ਕੀਤਾ ਹੋਇਆ ਸੀ। ਚਾਵਲਾ ਪਰਿਵਾਰ ਨੂੰ ਪਾਕਿਸਤਾਨੀ ਮੰਨਦੇ ਹੋਏ ਉਨ੍ਹਾਂ ਨੂੰ ਆਪਣੇ ਦੇਸ਼ ਵਾਪਿਸ ਜਾਣ ਲਈ ਵੀ ਕਿਹਾ ਸੀ। ਅਮਰੀਕੀ ਮੀਡੀਆ ਵਿਚ ਇਹ ਖਬਰ ਵਾਇਰਲ ਹੋਣ ਤੋਂ ਬਾਅਦ ਜੋੜੇ ਨੇ ਕ੍ਰਿਸਮਸ 'ਤੇ ਘਰ ਖਾਲ੍ਹੀ ਕਰ ਦਿੱਤਾ ਸੀ।

ਜਾਣਕਾਰੀ ਮੁਤਾਬਕ 1990 ਵਿਚ ਬੈਰੀ ਅਤੇ ਬਾਰਬਰਾ ਪੋਲੈਕ ਨੇ ਇਹ ਘਰ 2.12 ਕਰੋੜ ਰੁਪਏ ਵਿਚ ਖਰੀਦਿਆ ਸੀ। ਇਸ ਲਈ ਉਨ੍ਹਾਂ ਨੇ ਬੈਂਕ ਤੋਂ ਕਰਜ਼ਾ ਲਿਆ ਸੀ। ਹਾਲਾਂਕਿ 2006 ਤੋਂ ਬਾਅਦ ਆਰਥਿਕ ਤੰਗੀ ਕਾਰਨ ਉਨ੍ਹਾਂ ਨੇ ਕਰਜ਼ਾ ਮੋੜਨਾ ਬੰਦ ਕਰ ਦਿੱਤਾ। ਬੈਂਕ ਨੂੰ ਘਰ ਦੀ ਨਿਲਾਮੀ ਕਰਨ ਤੋਂ ਰੋਕਣ ਲਈ ਉਸ ਨੇ ਘਰ ਵਿਚ ਪਿੰਜਰ ਮਿਲਣ ਅਤੇ ਆਪਣਾ ਦੀਵਾਲੀਆ ਹੋਣ ਵਰਗੇ ਕਈ ਦਾਅਵੇ ਕੀਤੇ। ਇਸ ਤੋਂ ਬਾਅਦ ਅਦਾਲਤ ਨੇ ਉਨ੍ਹਾਂ ਨੂੰ 17 ਸਾਲ ਲਈ ਘਰੋਂ ਬਾਹਰ ਕੱਢਣ 'ਤੇ ਪਾਬੰਦੀ ਲਗਾ ਦਿੱਤੀ। ਇਸ ਤੋਂ ਬਾਅਦ ਪੋਲਕ ਪਰਿਵਾਰ ਕਰੀਬ ਦੋ ਦਹਾਕਿਆਂ ਤੋਂ ਕਰਜ਼ਾ ਨਾ ਮੋੜੇ ਇਸ ਘਰ ਵਿੱਚ ਰਹਿਣ ਲੱਗਾ।

2008 ਵਿੱਚ ਬੈਂਕ ਨੂੰ ਆਖਰਕਾਰ ਘਰ ਦੀ ਨਿਲਾਮੀ ਕਰਨ ਦੀ ਇਜਾਜ਼ਤ ਮਿਲ ਗਈ। ਜੋੜੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਜੋ ਕਰੀਬ 11 ਸਾਲ ਚੱਲਦਾ ਰਿਹਾ। ਇਸ ਦੌਰਾਨ, ਫਰਵਰੀ 2022 ਵਿੱਚ, ਬੌਬੀ ਚਾਵਲਾ ਨਾਮ ਦੇ ਇੱਕ ਭਾਰਤੀ ਮੂਲ ਦੇ ਵਿਅਕਤੀ ਨੇ ਆਪਣੀ ਗਰਭਵਤੀ ਭੈਣ ਲਈ ਇਹ ਘਰ 6.35 ਕਰੋੜ ਰੁਪਏ ਵਿੱਚ ਖਰੀਦ ਲਿਆ।

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca topinsuranceservices.ca

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Power of Attorney/Affidavit /Attestations
- Real Estate
- Business Closing
- Wills & Estate
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗ੍ਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਹਲਫੀਆ ਬਿਆਨ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਕਰ'ਤੀ ਪੰਜਾਬ ਦੀ ਕੇਂਦਰ ਨੇ ਰੱਦ ਝਾਕੀ,
ਪਿਛਲੀ ਵਾਂਗ ਇਹ ਖੇਡ ਦੁਹਰਾਈ ਮੀਆਂ।
ਭੇਜ ਕੇ ਪੱਤਰ ਸੀ ਪੁੱਛਿਆ ਆਪ ਕੇਂਦਰ,
ਪੂਰੀ ਤਜਵੀਜ਼ ਸੀ ਉਨ੍ਹਾਂ ਮੰਗਾਈ ਮੀਆਂ।
ਆਲਾ-ਟੋਲਾ ਪੰਜਾਬ ਨਹੀਂ ਕੋਈ ਕਰਿਆ,
ਖੇਚਲ ਕੀਤੀ, ਪਰ ਰਾਸ ਨਾ ਆਈ ਮੀਆਂ।
ਕਿਹੜੇ ਕਾਰਨ ਤੋਂ ਝਾਕੀ ਆ ਰੱਦ ਕੀਤੀ,
ਇੰਨੀ ਵੀ ਬਾਤ ਨਾ ਕਿਸੇ ਬਤਾਈ ਮੀਆਂ।
ਇਸ ਤਰ੍ਹਾਂ ਕੇਂਦਰ ਦਾ ਪਊ ਪ੍ਰਭਾਵ ਮੰਦਾ,
ਹਰ ਕੋਈ ਸੋਚਾਂ ਦਾ ਘੋੜਾ ਭਜਾਊ ਮੀਆਂ।
ਚਰਚਾ ਸੱਥਾਂ ਦੇ ਤੀਕ ਜਦ ਆਣ ਪਹੁੰਚੀ,
ਡਾਢੀ ਭਾਜਪਾ ਨੂੰ ਮੁਸ਼ਕਲ ਆਊ ਮੀਆਂ।

**ਤੀਸ ਮਾਰ ਖਾਂ**

# ਭਾਰਤ ਅਤੇ ਰੂਸ ਵਿਚਕਾਰ ਹੋਇਆ ਪ੍ਰਮਾਣੂ ਊਰਜਾ ਸਮਝੌਤਾ



ਮਾਸਕੋ, 27 ਦਸੰਬਰ (ਪੋਸਟ ਬਿਊਰੋ): ਭਾਰਤ ਦੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਰੂਸ-ਯੂਕਰੇਨ ਯੁੱਧ ਦੇ ਵਿਚਕਾਰ 5 ਦਿਨਾਂ ਦੇ ਦੌਰੇ 'ਤੇ ਮਾਸਕੋ ਵਿੱਚ ਹਨ। ਇਸ ਦੌਰਾਨ ਭਾਰਤ ਅਤੇ ਰੂਸ ਵਿਚਾਲੇ ਇੱਕ ਮਹੱਤਵਪੂਰਨ ਪ੍ਰਮਾਣੂ ਊਰਜਾ ਸਮਝੌਤਾ ਹੋਇਆ ਹੈ। ਇਸ ਨਾਲ ਚੀਨ ਤੋਂ ਲੈ ਕੇ ਅਮਰੀਕਾ ਤੱਕ ਖਲਬਲੀ ਦਾ ਮਾਹੌਲ ਹੈ। ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਕਿਹਾ ਕਿ ਭਾਰਤ ਅਤੇ ਰੂਸ ਨੇ ਮੰਗਲਵਾਰ ਨੂੰ ਤਾਮਿਲਨਾਡੂ ਵਿੱਚ ਕੁਡਨਕੁਲਮ ਨਿਊਕਲੀਅਰ ਪਾਵਰ ਪਲਾਂਟ ਦੇ ਭਵਿੱਖੀ ਬਿਜਲੀ ਉਤਪਾਦਨ ਯੂਨਿਟਾਂ ਦੇ ਨਿਰਮਾਣ ਨਾਲ ਸਬੰਧਤ "ਕੁਝ ਬਹੁਤ ਮਹੱਤਵਪੂਰਨ" ਸਮਝੌਤਿਆਂ 'ਤੇ ਦਸਤਖਤ ਕੀਤੇ। ਜੈਸ਼ੰਕਰ ਰੂਸ ਦੀ ਲੀਡਰਸ਼ਿਪ ਨਾਲ ਮੁਲਾਕਾਤ ਕਰਨ ਲਈ ਇਥੇ ਪੰਜ ਦਿਨਾਂ ਦੌਰੇ 'ਤੇ ਹਨ। ਉਨ੍ਹਾਂ ਨੇ ਦੁਵੱਲੇ ਆਰਥਿਕ ਸਹਿਯੋਗ 'ਤੇ ਰੂਸ ਦੇ ਉਪ ਪ੍ਰਧਾਨ ਮੰਤਰੀ ਡੇਨਿਸ ਮੰਤੁਰੋਵ ਨਾਲ "ਵਿਆਪਕ ਅਤੇ ਉਸਾਰੂ" ਮੀਟਿੰਗ ਤੋਂ ਬਾਅਦ ਇਹ ਐਲਾਨ ਕੀਤਾ।

ਇਸ ਮੀਟਿੰਗ ਦੌਰਾਨ ਪਰਮਾਣੂ ਊਰਜਾ ਅਤੇ ਦਵਾਈਆਂ, ਫਾਰਮਾਸਿਊਟੀਕਲ ਪਦਾਰਥਾਂ ਅਤੇ ਮੈਡੀਕਲ ਉਪਕਰਨਾਂ 'ਤੇ ਸਮਝੌਤਿਆਂ 'ਤੇ ਹਸਤਾਖਰ ਕੀਤੇ ਗਏ। ਉਨ੍ਹਾਂ ਨੇ ਇੱਥੇ ਭਾਰਤੀ ਪ੍ਰਵਾਸੀਆਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਅੱਜ ਮੇਰੀ ਅਤੇ ਉਪ ਪ੍ਰਧਾਨ ਮੰਤਰੀ ਮੰਤੁਰੋਵ ਦੀ ਮੌਜੂਦਗੀ 'ਚ ਅਸੀਂ ਕੁਡਨਕੁਲਮ ਪਰਮਾਣੂ ਪਰਿਯੋਜਨਾ ਦੀਆਂ ਭਵਿੱਖੀ ਇਕਾਈਆਂ ਨਾਲ ਸਬੰਧਤ ਕੁਝ ਬਹੁਤ ਮਹੱਤਵਪੂਰਨ ਸਮਝੌਤਿਆਂ 'ਤੇ ਦਸਤਖਤ ਕੀਤੇ। ਰੂਸ ਦੇ ਸਰਕਾਰੀ ਮੀਡੀਆ ਮੁਤਾਬਕ ਕੁਡਨਕੁਲਮ ਪ੍ਰਮਾਣੂ ਊਰਜਾ ਪਲਾਂਟ ਰੂਸ ਦੀ ਤਕਨੀਕੀ ਸਹਾਇਤਾ ਨਾਲ ਤਾਮਿਲਨਾਡੂ ਵਿਚ ਬਣਾਇਆ ਜਾ ਰਿਹਾ ਹੈ। ਇਸ ਦਾ ਨਿਰਮਾਣ ਮਾਰਚ 2002 ਵਿੱਚ ਸ਼ੁਰੂ ਹੋਇਆ ਸੀ। ਕੁਡਨਕੁਲਨ ਨਿਊਕਲੀਅਰ ਪਾਵਰ ਪਲਾਂਟ ਦੀ ਪਹਿਲੀ ਪਾਵਰ ਯੂਨਿਟ 1,000 ਮੈਗਾਵਾਟ ਦੀ ਡਿਜ਼ਾਈਨ ਸਮਰੱਥਾ ਦੇ ਨਾਲ ਫਰਵਰੀ 2016 ਤੋਂ ਲਗਾਤਾਰ ਕੰਮ ਕਰ ਰਹੀ ਹੈ। ਪਲਾਂਟ ਦੇ 2027 ਵਿੱਚ ਪੂਰੀ ਸਮਰੱਥਾ ਨਾਲ ਕੰਮ ਕਰਨਾ ਸ਼ੁਰੂ ਕਰਨ ਦੀ ਉਮੀਦ ਹੈ।

# ਅਮਰੀਕਾ ਵਿਚ ਐਪਲ ਦੀ ਸਮਾਰਟਵਾਚ 'ਤੇ ਪਾਬੰਦੀ



ਵਾਸ਼ਿੰਗਟਨ, 27 ਦਸੰਬਰ (ਪੋਸਟ ਬਿਊਰੋ): ਵ੍ਹਾਈਟ ਹਾਊਸ ਨੇ ਅਮਰੀਕਾ 'ਚ ਐਪਲ ਦੀ ਸਮਾਰਟਵਾਚ 'ਤੇ ਪਾਬੰਦੀ ਲਗਾ ਦਿੱਤੀ ਹੈ। ਐਪਲ ਦੇ ਨਵੀਨਤਮ ਸਮਾਰਟਵਾਚ ਮਾਡਲਾਂ 'ਤੇ ਪਾਬੰਦੀ ਮੰਗਲਵਾਰ ਤੋਂ ਲਾਗੂ ਹੋਵੇਗੀ। ਇਸ ਤੋਂ ਬਾਅਦ, ਐਪਲ ਵਾਚ ਸੀਰੀਜ਼ 9 ਅਤੇ ਐਪਲ ਵਾਚ ਅਲਟਰਾ 2 ਹੁਣ ਸਟੋਰਾਂ ਜਾਂ ਆਨਲਾਈਨ ਉਪਲਬਧ ਨਹੀਂ ਹਨ। ਐਪਲ ਨੇ ਬਿਡੇਨ ਪ੍ਰਸ਼ਾਸਨ ਦੇ ਇਸ ਫੈਸਲੇ ਖਿਲਾਫ ਅਪੀਲ ਦਾਇਰ ਕੀਤੀ ਹੈ। ਤੁਹਾਨੂੰ ਦੱਸ ਦੇਈਏ ਕਿ ਬਿਡੇਨ ਪ੍ਰਸ਼ਾਸਨ ਨੇ ਪੇਟੈਂਟ ਉਲੰਘਣਾ ਦੇ ਫੈਸਲੇ ਨੂੰ ਵੀਟੋ ਨਾ ਕਰਨ ਦੀ ਚੋਣ ਕਰਨ ਤੋਂ ਬਾਅਦ ਨਵੀਨਤਮ ਸਮਾਰਟਵਾਚ ਮਾਡਲ 'ਤੇ ਅਮਰੀਕੀ ਪਾਬੰਦੀ ਖਿਲਾਫ ਅਪੀਲ ਦਾਇਰ ਕੀਤੀ ਹੈ।

ਇਹ ਪਾਬੰਦੀ ਕੀਮਤੀ ਪੇਟੈਂਟਾਂ ਨੂੰ ਲੈ ਕੇ ਵੱਡੀਆਂ ਤਕਨੀਕੀ ਕੰਪਨੀਆਂ ਨੂੰ ਸ਼ਾਮਿਲ ਕਰਨ ਵਾਲੀ ਨਵੀਨਤਮ ਕਾਨੂੰਨੀ ਲੜਾਈ ਹੈ, ਜਿਸ ਨੇ ਸਪੀਕਰ ਤਕਨਾਲੋਜੀ ਨੂੰ ਲੈ ਕੇ ਲੜਾਈ ਵਿੱਚ ਗੂਗਲ ਨੂੰ ਅਦਾਲਤ ਵਿੱਚ ਸੋਨੋਸ ਨੂੰ ਲੈ ਕੇ ਵੀ ਵੇਖਿਆ ਹੈ। ਏ.ਆਈ. ਸੰਯੁਕਤ ਰਾਜ ਅੰਤਰਰਾਸ਼ਟਰੀ ਵਪਾਰ ਕਮਿਸ਼ਨ ਨੇ ਅਕਤੂਬਰ ਵਿੱਚ ਖੂਨ-ਆਕਸੀਜਨ ਦੇ ਪੱਧਰਾਂ ਦਾ ਪਤਾ ਲਗਾਉਣ ਲਈ ਪੇਟੈਂਟ ਕੀਤੀ ਤਕਨਾਲੋਜੀ ਉੱਤੇ ਐਪਲ ਵਾਚ ਮਾਡਲਾਂ 'ਤੇ ਪਾਬੰਦੀ ਲਗਾਉਣ ਦਾ ਫੈਸਲਾ ਕੀਤਾ ਸੀ। ਇਹ ਆਦੇਸ਼ ਮੈਡੀਕਲ ਉਪਕਰਣ ਨਿਰਮਾਤਾ ਮਾਸੀਮੋ ਕਾਰਪੋਰੇਸ਼ਨ ਦੁਆਰਾ 2021 ਦੇ ਅੱਧ ਵਿੱਚ ਕਮਿ-ਸ਼ਨ ਨੂੰ ਕੀਤੀ ਗਈ ਸ਼ਿਕਾਇਤ ਤੋਂ ਪੈਦਾ ਹੋਇਆ ਹੈ, ਜਿਸ ਵਿੱਚ ਐਪਲ 'ਤੇ "ਲਾਈਟ-ਅਧਾਰਤ ਆਕਸੀਮੇਟਰੀ ਕਾਰਜਕੁਸ਼ਲਤਾ" ਦੀ ਉਲੰਘਣਾ ਕਰਨ ਦਾ ਦੋਸ਼ ਲਗਾਇਆ ਗਿਆ ਸੀ।

ਹਾਲਾਂਕਿ ਐਪਲ ਨੇ ਸਮਾਰਟਵਾਚ 'ਤੇ ਪਾਬੰਦੀ ਦੇ ਖਿਲਾਫ ਅਪੀਲ ਦਾਇਰ ਕੀਤੀ ਹੈ। ਪਰ ਸਾਵਧਾਨੀ ਨਾਲ ਵਿਚਾਰ ਕਰਨ ਤੋਂ ਬਾਅਦ, ਰਾਜਦੂਤ (ਕੈਥਰੀਨ) ਤਾਈ ਨੇ ਫੈਸਲਾ ਵਾਪਿਸ ਨਾ ਲੈਣ ਦਾ ਫੈਸਲਾ ਕੀਤਾ ਹੈ। ਆਈ.ਟੀ.ਸੀ. ਦਾ ਫੈਸਲਾ 26 ਦਸੰਬਰ, 2023 ਨੂੰ ਅੰਤਿਮ ਹੋ ਗਿਆ, ਅਮਰੀਕੀ ਵਪਾਰ ਪ੍ਰਤੀਨਿਧੀ ਦੇ ਦਫਤਰ ਨੇ ਮੰਗਲਵਾਰ ਨੂੰ ਇੱਕ ਬਿਆਨ ਵਿੱਚ ਕਿਹਾ। ਹਾਲਾਂਕਿ ਅਮਰੀਕੀ ਰਾਸ਼ਟਰਪਤੀ ਜੋਅ ਬਿਡੇਨ ਦੇ ਦਫਤਰ ਨੇ ਆਯਾਤ ਪਾਬੰਦੀਆਂ ਨੂੰ ਉਲਟਾਉਣ ਦਾ ਅਧਿਕਾਰ ਹੈ, ਅਜਿਹੀਆਂ ਕਾਰਵਾਈਆਂ ਬਹੁਤ ਘੱਟ ਕੀਤੀਆਂ ਜਾਂਦੀਆਂ ਹਨ। ਇੱਕ ਬਿਆਨ ਵਿੱਚ, ਮੈਸੀਮੋ ਨੇ ਕਿਹਾ ਕਿ ਪਾਬੰਦੀ "ਯੂ.ਐੱਸ. ਪੇਟੈਂਟ ਪ੍ਰਣਾਲੀ ਦੀ ਅਖੰਡਤਾ ਲਈ ਅਤੇ ਆਖਰਕਾਰ ਅਮਰੀਕੀ ਖਪਤਕਾਰਾਂ ਲਈ ਇੱਕ ਜਿੱਤ ਹੈ, ਜਿਨ੍ਹਾਂ ਨੂੰ ਇੱਕ ਈਕੋਸਿਸਟਮ ਤੋਂ ਲਾਭ ਹੋਵੇਗਾ ਜੋ ਸੱਚੀ ਨਵੀਨਤਾ ਨੂੰ ਇਨਾਮ ਦਿੰਦਾ ਹੈ। ਐਪਲ ਨੇ ਯੂ.ਐੱਸ. ਫੈਡਰਲ ਅਦਾਲਤ ਵਿੱਚ ਇੱਕ ਅਪੀਲ ਦਾਇਰ ਕੀਤੀ, ਇਹ ਦਲੀਲ ਦਿੱਤੀ ਕਿ ਆਈ.ਟੀ.ਸੀ. ਦਾ ਸਿੱਟਾ ਗਲਤ ਸੀ ਅਤੇ ਇਸਨੂੰ ਉਲਟਾ ਦਿੱਤਾ ਜਾਣਾ ਚਾਹੀਦਾ ਹੈ।

# ਸੰਤ ਸੀਚੇਵਾਲ ਦੇ ਸਹਿਯੋਗ ਨਾਲ ਰੂਸ ਦੀ ਜੇਲ੍ਹ ਵਿਚ ਬੰਦ ਪੰਜਾਬ ਅਤੇ ਹਰਿਆਣਾ ਦੇ 6 ਨੌਜਵਾਨ ਭਾਰਤ ਪਰਤੇ, ਡੰਕੀ ਰਾਹੀਂ ਜਾਣਾ ਸੀ ਯੂਰਪ

ਚੰਡੀਗੜ੍ਹ, 27 ਦਸੰਬਰ (ਪੋਸਟ ਬਿਊਰੋ): ਪੰਜਾਬ ਅਤੇ ਹਰਿਆਣਾ ਦੇ ਛੇ ਨੌਜਵਾਨਾਂ ਨੂੰ ਰੂਸ ਦੀ ਜੇਲ੍ਹ ਤੋਂ ਰਿਹਾਅ ਕਰਵਾਕੇ ਭਾਰਤ ਵਾਪਿਸ ਲਿਆਂਦਾ ਗਿਆ ਹੈ। ਇਹ ਸਾਰੇ ਡੰਕੀ ਰਾਹੀਂ ਯੂਰਪ ਜਾਣਾ ਚਾਹੁੰਦੇ ਸਨ। ਟਰੈਵਲ ਏਜੰਟ ਵੱਲੋਂ ਧੋਖਾਧੜੀ ਕਰਨ ਕਾਰਨ ਉਸ ਨੂੰ ਰੂਸ ਜਾਂਦੇ ਸਮੇਂ ਗ੍ਰਿਫਤਾਰ ਕਰ ਲਿਆ ਗਿਆ। ਉਦੋਂ ਤੋਂ ਉਹ ਉਥੋਂ ਦੀ ਜੇਲ੍ਹ ਵਿੱਚ ਬੰਦ ਸਨ। ਆਮ ਆਦਮੀ ਪਾਰਟੀ ਦੇ ਪੰਜਾਬ ਤੋਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਂਚੇਵਾਲ ਨੇ ਉਨ੍ਹਾਂ ਨੂੰ ਘਰ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਇਨ੍ਹਾਂ ਨੌਜਵਾਨਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਰੂਸ ਦੀਆਂ ਜੇਲ੍ਹਾਂ ਵਿੱਚ ਅਣਮਨੁੱਖੀ ਤਸ਼ੱਦਦ ਕੀਤਾ ਗਿਆ। ਇਨ੍ਹਾਂ ਨੌਜਵਾਨਾਂ ਵਿੱਚ 5 ਪੰਜਾਬ ਅਤੇ ਇੱਕ ਹਰਿਆਣਾ ਦਾ ਹੈ।

ਪੰਜਾਬ ਦੇ ਨੌਜਵਾਨਾਂ ਵਿੱਚ ਫਾਜ਼ਿਲਕਾ ਦੇ ਪਿੰਡ ਸੋਹਾਣਾ ਦੇ ਬਲਵਿੰਦਰ ਸਿੰਘ, ਕਪੂਰਥਲਾ ਦੇ ਗੁਰਮੀਤ ਸਿੰਘ, ਗੁਰਦਾਸਪੁਰ ਦੇ ਗੁਰਵੀਰ ਸਿੰਘ ਤੇ ਹਰਜੀਤ ਸਿੰਘ ਅਤੇ ਜਲੰਧਰ ਦੇ ਸ਼ਾਹਕੋਟ ਦੇ ਲਖਵੀਰ ਸਿੰਘ ਸ਼ਾਮਿਲ ਹਨ। ਛੇਵਾਂ ਨੌਜਵਾਨ ਰਾਹੁਲ ਹਰਿਆਣਾ ਦੇ ਕਰਨਾਲ ਦਾ ਰਹਿਣ ਵਾਲਾ ਹੈ।



ਨੌਜਵਾਨਾਂ ਨੇ ਦੱਸਿਆ ਕਿ ਰਾਹ ਵਿਚ ਉਨ੍ਹਾਂ ਨਾਲ ਠੱਗੀ ਮਾਰਨ ਵਾਲੇ ਟਰੈਵਲ ਏਜੰਟ ਨੇ ਉਨ੍ਹਾਂ ਤੋਂ 13-13 ਲੱਖ ਰੁਪਏ ਲੈ ਲਏ ਸਨ। ਏਜੰਟ ਨੇ ਉਨ੍ਹਾਂ ਨੂੰ ਡੰਕੀ ਰਾਹੀਂ ਯੂਰਪ ਲਿਜਾਣ ਦਾ ਵਾਅਦਾ ਕੀਤਾ ਸੀ। ਇਸ ਲਈ ਉਨ੍ਹਾਂ ਨੂੰ ਪੁਰਤਗਾਲ ਦੇ ਰਸਤੇ ਬੇਲਾਰੂਸ ਦੇ ਜੰਗਲਾਂ ਰਾਹੀਂ ਪੈਦਲ ਯੂਰਪ ਪਹੁੰਚਣਾ ਸੀ ਪਰ ਏਜੰਟ ਦੇ ਧੋਖੇ ਕਾਰਨ ਉਹ ਰੂਸ ਵਿਚ ਫਸ ਗਏ।

ਨੌਜਵਾਨਾਂ ਦੇ ਪਰਿਵਾਰ ਵਾਲਿਆਂ ਨੇ ਉਨ੍ਹਾਂ ਨੂੰ ਵਾਪਿਸ ਲਿਆਉਣ ਦੀ ਕਾਫੀ ਕੋਸ਼ਿਸ਼ ਕੀਤੀ ਪਰ ਸਫਲਤਾ ਨਹੀਂ ਮਿਲੀ। ਇਸ ਤੋਂ ਬਾਅਦ ਇਨ੍ਹਾਂ ਪਰਿਵਾਰਾਂ ਨੇ 17 ਦਸੰਬਰ ਨੂੰ 'ਆਪ' ਦੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਸੰਪਰਕ ਕਰਕੇ ਮੱਦਦ ਦੀ ਮੰਗ ਕੀਤੀ। ਸੀਚੇਵਾਲ ਦੇ ਯਤਨਾਂ ਸਦਕਾ ਸਾਰੇ 6 ਨੌਜਵਾਨ 24 ਦਸੰਬਰ ਨੂੰ ਭਾਰਤ ਪਰਤ ਆਏ ਸਨ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre Lic#10584
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਆਂਧਰਾ ਪ੍ਰਦੇਸ਼ ਦੇ ਵਿਧਾਇਕ ਦੇ 6 ਰਿਸ਼ਤੇਦਾਰਾਂ ਦੀ ਅਮਰੀਕਾ 'ਚ ਹਾਦਸੇ ਵਿਚ ਮੌਤ

ਅਮਰਾਵਤੀ, 27 ਦਸੰਬਰ (ਪੋਸਟ ਬਿਊਰੋ): ਅਮਰੀਕਾ ਦੇ ਟੈਕਸਾਸ ਵਿੱਚ ਇੱਕ ਕਾਰ ਹਾਦਸੇ ਵਿੱਚ ਛੇ ਭਾਰਤੀਆਂ ਦੀ ਮੌਤ ਹੋ ਗਈ। ਮ੍ਰਿਤਕ ਮੁਮੀਦੀਵਰਮ ਦੇ ਵਿਧਾਇਕ ਪੀ ਵੈਂਕਟ ਸਤੀਸ਼ ਕੁਮਾਰ ਦੇ ਰਿਸ਼ਤੇਦਾਰ ਦੱਸੇ ਜਾ ਰਹੇ ਹਨ। ਸਾਰੇ ਆਂਧਰਾ ਪ੍ਰਦੇਸ਼ ਦੇ ਕੋਨਾਸੀਮਾ ਜ਼ਿਲੇ ਦੇ ਅਮਲਾਪੁਰਮ ਕਸਬੇ ਦੇ ਵਸਨੀਕ ਸਨ, ਜਿਨ੍ਹਾਂ ਦੀ ਪਛਾਣ ਪੀ ਨਾਗੇਸ਼ਵਰ ਰਾਓ, ਸੀਤਾ ਮਹਾਲਕਸ਼ਮੀ, ਨਵੀਨਾ, ਕ੍ਰਿਤਿਕ, ਨਿਸ਼ੀਤਾ ਦੇ ਨਾਲ ਇਕ ਹੋਰ ਵਿਅਕਤੀ ਵਜੋਂ ਹੋਈ ਹੈ ਜੋ ਪਰਿਵਾਰ ਦਾ ਰਿਸ਼ਤੇਦਾਰ ਹੈ।

ਵਿਧਾਇਕ ਨੇ ਦੱਸਿਆ ਕਿ ਕਾਰ ਵਿੱਚ ਸੱਤ ਲੋਕ ਸਵਾਰ ਸਨ। ਉਨ੍ਹਾਂ ਦੀ ਕਾਰ ਟੈਕਸਾਸ ਦੇ ਕਲੈਬਰਨ



ਕਸਬੇ ਵਿੱਚ ਹਾਈਵੇਅ 67, ਇਕ ਖੇਤ ਤੋਂ ਸ਼ਹਿਰ ਜਾਣ ਵਾਲੀ ਸੜਕ 'ਤੇ ਦੋ ਲੋਕਾਂ ਨੂੰ ਲੈ ਕੇ ਜਾ ਰਹੇ ਇੱਕ ਟਰੱਕ ਨਾਲ ਟਕਰਾ ਗਈ। ਕਾਰ 'ਚ ਬਚੇ ਇਕਲੌਤੇ ਲੋਕੇਸ਼ ਨੂੰ ਹਵਾਈ ਮਾਰਗ ਰਾਹੀਂ ਹਸਪਤਾਲ ਪਹੁੰਚਾਇਆ ਗਿਆ ਹੈ, ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ, ਪਰ ਉਸ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ।

# ਕਟਿਹਾਰ 'ਚ ਜੰਗਲਾਤ ਵਿਭਾਗ ਦੀ ਟੀਮ 'ਤੇ ਹਮਲਾ ਕਰਨ ਦੇ ਦੋਸ਼ 'ਚ 11 ਗ੍ਰਿਫਤਾਰ

ਪਟਨਾ, 27 ਦਸੰਬਰ (ਪੋਸਟ ਬਿਊਰੋ): ਬਿਹਾਰ ਦੇ ਕਟਿਹਾਰ 'ਚ 25 ਦਸੰਬਰ ਨੂੰ ਜੰਗਲਾਤ ਵਿਭਾਗ ਦੀ ਟੀਮ 'ਤੇ ਹੋਏ ਹਮਲੇ ਤੋਂ ਬਾਅਦ ਪੁਲਸ ਪ੍ਰਸ਼ਾਸਨ ਨੇ ਮੁਲਜ਼ਮਾਂ ਖਿਲਾਫ ਵੱਡੀ ਕਾਰਵਾਈ ਕੀਤੀ ਹੈ। ਜੰਗਲਾਤ ਵਿਭਾਗ ਦੇ ਅਧਿਕਾਰੀਆਂ ਮੁਤਾਬਕ ਹਮਲੇ ਦੌਰਾਨ ਜੰਗਲਾਤ ਵਿਭਾਗ ਦੀ ਟੀਮ 'ਤੇ ਇੰਜਨ ਆਇਲ ਛਿੜਕ ਕੇ ਉਸ ਨੂੰ ਜ਼ਿੰਦਾ ਸਾੜਨ ਦੀ ਕੋਸ਼ਿਸ਼ ਵੀ ਕੀਤੀ ਗਈ। ਰੌਤਾਰਾ ਥਾਣਾ ਖੇਤਰ ਦੇ ਮਹਿਨਾਥਪੁਰ ਪੰਚਾਇਤ ਦੇ ਮਹੇਸ਼ਵਾ ਪਿੰਡ 'ਚ ਮੁਹੰਮਦ ਇਬਰਾਹਿਮ ਦੀ ਗੈਰ-ਕਾਨੂੰਨੀ ਆਰਾ ਮਿੱਲ ਨੂੰ ਹਟਾਉਣ ਦੌਰਾਨ ਅਚਾਨਕ ਪਿੰਡ ਵਾਸੀ ਗੁੱਸੇ 'ਚ ਆ ਗਏ ਅਤੇ ਉਨ੍ਹਾਂ ਨੇ ਜੰਗਲਾਤ ਵਿਭਾਗ ਦੀ ਟੀਮ 'ਤੇ ਹਮਲਾ ਕਰ ਦਿੱਤਾ। ਹਮਲੇ ਵਿੱਚ ਜੰਗਲਾਤ ਵਿਭਾਗ ਦੇ ਅਧਿਕਾਰੀਆਂ ਦੀ ਗੱਡੀ ਦੀ ਵੀ ਭੰਨਤੋੜ ਕੀਤੀ ਗਈ। ਇਸ ਮਾਮਲੇ 'ਚ ਹਮਲੇ ਦੀ ਵੀਡੀਓ ਵੀ ਸਾਹਮਣੇ ਆਈ ਹੈ।

ਕਟਿਹਾਰ ਦੇ ਐਸਪੀ ਜਤਿੰਦਰ ਕੁਮਾਰ ਨੇ ਦੱਸਿਆ ਕਿ ਇਸ ਮਾਮਲੇ



ਵਿੱਚ ਹੁਣ ਤੱਕ 11 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਦੋਂ ਕਿ ਕਰੀਬ 30 ਨਾਮੀ ਲੋਕਾਂ ਅਤੇ 30 ਅਣਪਛਾਤੇ ਲੋਕਾਂ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਹੈ। ਕਟਿਹਾਰ ਰੇਂਜਰ ਸਤਿੰਦਰ ਕੁਮਾਰ ਝਾਅ ਨੇ ਕਿਹਾ ਕਿ ਇਸ ਖੇਤਰ ਲਈ ਗੈਰ-ਕਾਨੂੰਨੀ ਆਰਾ ਮਿੱਲਾਂ ਵੱਡੀ ਚੁਣੌਤੀ ਹਨ। ਪਿਛਲੇ ਇੱਕ ਸਾਲ ਵਿੱਚ 47 ਗੈਰ-ਕਾਨੂੰਨੀ ਆਰਾ ਮਿੱਲਾਂ ਖਿਲਾਫ ਕਾਰਵਾਈ ਕੀਤੀ ਗਈ ਹੈ ਅਤੇ 100 ਦੇ ਕਰੀਬ ਲੋਕਾਂ ਨੂੰ ਮੁਲਜ਼ਮ ਬਣਾਇਆ ਗਿਆ ਹੈ।

# ਸੰਘਣੀ ਧੁੰਦ ਦੀ ਲਪੇਟ ਵਿਚ ਘਿਰਿਆ ਅੱਧਾ ਦੇਸ਼, ਤਿੰਨ ਰਾਜਾਂ ਵਿੱਚ ਰਾਤੋ-ਰਾਤ 17 ਲੋਕਾਂ ਦੀ ਮੌਤ



ਨਵੀਂ ਦਿੱਲੀ, 27 ਦਸੰਬਰ (ਪੋਸਟ ਬਿਊਰੋ): ਸੰਘਣੀ ਧੁੰਦ ਨੇ ਲਗਭਗ ਅੱਧੇ ਦੇਸ਼ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਹੈ। ਉੱਤਰੀ ਅਤੇ ਮੱਧ ਭਾਰਤ ਦੇ ਖੇਤਰ ਸਭ ਤੋਂ ਵੱਧ ਪ੍ਰਭਾਵਿਤ ਹੋਏ ਹਨ। ਆਮ ਜਨਜੀਵਨ ਪ੍ਰਭਾਵਿਤ ਹੋਇਆ ਹੈ। ਸਵੇਰੇ ਜ਼ਿਆਦਾਤਰ ਇਲਾਕਿਆਂ 'ਚ ਵਿਜ਼ੀਬਿਲਟੀ ਜ਼ੀਰੋ ਰਹੀ, ਜਿਸ ਕਾਰਨ ਹਾਦਸਿਆਂ ਦੀ ਗਿਣਤੀ ਵਧ ਗਈ। ਮੰਗਲਵਾਰ ਰਾਤ ਤੋਂ ਬੁੱਧਵਾਰ ਸਵੇਰ ਤੱਕ ਉੱਤਰ ਪ੍ਰਦੇਸ਼ ਤੋਂ ਲੈ ਕੇ ਪੰਜਾਬ ਅਤੇ ਰਾਜਸਥਾਨ ਤੱਕ ਵਾਪਰੇ ਹਾਦਸਿਆਂ ਵਿੱਚ 17 ਲੋਕਾਂ ਦੀ ਜਾਨ ਚਲੀ ਗਈ। ਘੱਟੋ-ਘੱਟ 46 ਲੋਕ ਜ਼ਖਮੀ ਹੋਏ ਹਨ।

ਦਿੱਲੀ ਹਵਾਈ ਅੱਡੇ 'ਤੇ ਸੰਘਣੀ ਧੁੰਦ ਕਾਰਨ 12 ਉਡਾਣਾਂ ਨੂੰ ਮੋੜਨਾ ਪਿਆ, 110 ਤੋਂ ਵੱਧ ਉਡਾਣਾਂ ਲੇਟ ਹੋਈਆਂ। 50 ਟਰੇਨਾਂ ਤੈਅ ਸਮੇਂ ਤੋਂ ਦੇਰੀ ਨਾਲ ਚੱਲੀਆਂ। ਮੌਸਮ ਵਿਭਾਗ ਨੇ ਸੈਟੇਲਾਈਟ ਤਸਵੀਰਾਂ ਜਾਰੀ ਕੀਤੀਆਂ ਹਨ, ਜਿਸ ਵਿਚ ਪੂਰੇ ਉੱਤਰੀ ਭਾਰਤ ਵਿਚ ਸੰਘਣੀ ਧੁੰਦ ਦੀ ਚਾਦਰ ਦਿਖਾਈ ਦੇ ਰਹੀ ਹੈ। ਮੌਸਮ ਵਿਭਾਗ ਨੇ ਮੁੜ ਦੁਹਰਾਇਆ ਕਿ ਤਿੰਨ-ਚਾਰ ਦਿਨਾਂ ਤੱਕ ਕੋਈ ਰਾਹਤ ਨਹੀਂ ਮਿਲੇਗੀ।







## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664













# ਸਾਕਾ ਸਰਹਿੰਦ: ਦੁਨੀਆਂ ਦੇ ਇਤਿਹਾਸ ਦਾ ਲਾਸਾਨੀ ਪੰਨਾ



ਐਡਵੋਕੇਟ ਹਰਜਿੰਦਰ ਸਿੰਘ ਧਾਮੀ



ਸਰਬੰਸਦਾਨੀ, ਸਾਹਿਬ-ਏ-ਕਮਾਲ, ਦਸਮ ਪਾਤਿਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਇਤਿਹਾਸ ਲਾਸਾਨੀ ਅਤੇ ਵਿਲੱਖਣ ਹੈ। ਦੁਨੀਆ ਦੇ ਧਾਰਮਿਕ ਇਤਿਹਾਸ ਅੰਦਰ ਅਜਿਹੀ ਮਿਸਾਲ ਹੋਰ ਕਿਧਰੇ ਨਹੀਂ ਮਿਲਦੀ। ਧਰਮਾਂ ਦੇ ਇਤਿਹਾਸ ਵਿਚ ਸਾਕਾ ਸਰਹਿੰਦ ਉਹ ਘਟਨਾ ਹੈ ਜਿਸ ਨੇ ਸਿੱਖ ਮਨਾਂ ਅੰਦਰ ਸਮੇਂ ਦੀ ਹਕੂਮਤ ਵਿਰੁੱਧ ਰੋਹ ਦੀ ਅੱਗ ਹੋਰ ਤਿੱਖੀ ਕੀਤਾ ਅਤੇ ਇਸ ਤੋਂ ਸ਼ਕਤੀ ਤੇ ਪ੍ਰੇਰਨਾ ਲੈ ਕੇ ਜ਼ਾਲਮ ਹਕੂਮਤ ਨਾਲ ਜ਼ਬਰਦਸਤ ਟੱਕਰ ਲਈ। ਜਿਸ ਸਮੇਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਜੀ ਤੇ ਬਾਬਾ ਫਤਹਿ ਸਿੰਘ ਜੀ ਨੂੰ ਸੂਬਾ ਸਰਹਿੰਦ ਦੇ ਹੁਕਮ ਨਾਲ ਨੀਹਾਂ ਵਿਚ ਚਿਣ ਕੇ ਸ਼ਹੀਦ ਕੀਤਾ ਗਿਆ ਤਾਂ ਸਾਹਿਬਜ਼ਾਦਿਆਂ ਦੀ ਉਮਰ ਭਾਵੇਂ ਬਹੁਤ ਛੋਟੀ ਸੀ ਪਰ ਉਨ੍ਹਾਂ ਦੀ ਦਲੇਰੀ ਅਤੇ ਸਿੱਖੀ ਪ੍ਰਤੀ ਦ੍ਰਿੜਤਾ ਪ੍ਰੌੜ ਉਮਰ ਤੋਂ ਘੱਟ ਨਹੀਂ ਸੀ। ਸਾਹਿਬਜ਼ਾਦਿਆਂ ਨੇ ਜਿਸ ਦਲੇਰੀ ਅਤੇ ਸਿਦਕਦਿਲੀ ਨਾਲ ਸੂਬੇ ਦੀ ਕਚਹਿਰੀ ਵਿਚ ਸਵਾਲਾਂ ਦੇ ਜਵਾਬ ਦਿੱਤੇ, ਉਸ ਵੱਲੋਂ ਧਰਮ ਛੱਡਣ ਖਾਤਰ ਦਿੱਤੇ ਜਾ ਰਹੇ ਲਾਲਚਾਂ ਨੂੰ ਠੁਕਰਾਇਆ ਅਤੇ ਸ਼ਹਾਦਤ ਕਬੂਲ ਕੀਤੀ, ਉਸ ਦਾ ਧਰਮ ਇਤਿਹਾਸ ਅੰਦਰ ਕੋਈ ਮੁਕਾਬਲਾ ਨਹੀਂ ਮਿਲਦਾ। ਇਹ ਚੜ੍ਹਦੀ ਕਲਾ ਦੀ ਜੀਵਤ ਮਿਸਾਲ ਹੈ। ਇਸੇ ਲਈ ਸਾਹਿਬਜ਼ਾਦਿਆਂ ਦੀ ਕੁਰਬਾਨੀ ਨੂੰ ਸਿੱਖ ਅਤੇ ਗੈਰ-ਸਿੱਖ ਇਤਿਹਾਸਕਾਰਾਂ ਨੇ ਅਦੁੱਤੀ ਕਿਹਾ ਹੈ।

ਕਹਿਰ ਦੀ ਠੰਢੀ ਰਾਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਖਾਲਸੇ ਸਮੇਤ ਸ੍ਰੀ ਅਨੰਦਪੁਰ ਛੱਡਣਾ, ਸਰਸਾ ਨੇ ਰਸਤਾ ਰੋਕਣਾ, ਪਰਿਵਾਰ ਦਾ ਖੇਰੂੰ ਖੇਰੂੰ ਹੋਣਾ, ਸਾਹਿਬਜ਼ਾਦਿਆਂ ਦੀ ਸ਼ਹੀਦੀ ਆਦਿ ਸਭ ਘਟਨਾਵਾਂ ਸਿੱਖ ਇਤਿਹਾਸ ਦੇ ਵੱਡੇ ਪਹਿਲੂ ਹਨ। ਸਰਸਾ ਪਾਰ ਕਰਨ ਤੋਂ ਬਾਅਦ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਆਪ ਦੇ ਮਾਤਾ ਜੀ, ਸਾਹਿਬਜ਼ਾਦੇ ਅਤੇ ਆਪ ਜੀ ਦੇ ਮਹਿਲ ਸਭ ਵਿਛੜ ਗਏ। ਮਾਤਾ ਗੁਜਰੀ ਜੀ ਛੋਟੇ ਸਾਹਿਬਜ਼ਾਦਿਆਂ ਨਾਲ ਗੁਰੂ-ਘਰ ਦੇ ਰਸੋਈਏ ਗੰਗੂ ਨਾਲ ਉਸ ਦੇ ਪਿੰਡ ਖੇੜੀ (ਸਹੇੜੀ) ਆ ਗਏ। ਮਾਤਾ ਜੀ ਕੋਲ ਸੋਨੇ ਦੀਆਂ ਮੋਹਰਾਂ ਦੇਖ ਅਤੇ ਸਰਕਾਰੀ ਇਨਾਮ ਦੇ ਲਾਲਚ ਵਿਚ ਗੰਗੂ ਡੋਲ ਗਿਆ। ਗੰਗੂ ਦੇ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਨਾਲ ਕੀਤੇ ਵਿਸ਼ਵਾਸਘਾਤ ਬਾਰੇ ਅੱਲਾ ਯਾਰ ਖਾਂ ਜੋਗੀ ਲਿਖਦੇ ਹਨ:

ਬਦਜ਼ਾਤ ਬਦ-ਸਿਫਾਤ ਵਹੁ ਗੰਗੂ ਨਮਕ-ਹਰਾਮ।
ਟੁਕੜੋਂ ਪੇ ਸਤਗੁਰੂ ਕੇ ਜੋ ਪਲਤਾ ਰਹਾ ਮੁਦਾਮ।
ਦੁਨੀਆ ਮੇਂ ਅਪਨੇ ਨਾਮ ਕੋ ਬਦਨਾਮ ਕਰ ਗਿਆ।
ਦੁਸ਼ਮਨ ਭੀ ਜੁ ਨ ਕਰਤਾ ਵਹੁ ਯਿ ਕਾਮ ਕਰ ਗਿਆ।

ਗੰਗੂ ਨੇ ਸਾਹਿਬਜ਼ਾਦਿਆਂ ਅਤੇ ਮਾਤਾ ਜੀ ਦੀ ਖ਼ਬਰ ਮੋਰਿੰਡੇ ਥਾਣੇ ਜਾ ਦਿੱਤੀ ਜਿਥੇ ਸਾਹਿਬਜ਼ਾਦਿਆਂ ਨੂੰ ਮਾਤਾ ਜੀ ਸਮੇਤ ਗ੍ਰਿਫਤਾਰ ਕਰ ਕੇ ਸਰਹਿੰਦ ਦੇ ਸੂਬੇਦਾਰ ਵਜ਼ੀਰ ਖਾਨ ਦੇ ਹਵਾਲੇ ਕੀਤਾ ਗਿਆ। ਸੂਬੇਦਾਰ ਵਜ਼ੀਰ ਖਾਨ ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਨੂੰ ਠੰਢੇ ਬੁਰਜ ਵਿਚ ਕੈਦ ਕਰ ਦਿੱਤਾ। ਕਹਿਰ ਦੀ ਸੀਤ ਵਿਚ ਭੁੱਖੇ ਭਾਣੇ ਸਾਹਿਬਜ਼ਾਦੇ ਸਾਰੀ ਰਾਤ ਦਾਦੀ ਮਾਂ ਦੀ ਗੋਦ ਵਿਚ ਬੈਠੇ ਗੁਰੂ ਪਿਤਾ ਦੀ ਸੂਰਮਗਤੀ, ਦਾਦਿਆਂ-ਪੜਦਾਦਿਆਂ ਦੀ ਕੁਰਬਾਨੀ ਦੀਆਂ ਬਾਤਾਂ ਸੁਣਦੇ ਸਿੱਖੀ ਅਸੂਲਾਂ ’ਤੇ ਦ੍ਰਿੜ ਰਹਿਣ ਲਈ ਸਿੱਖਿਆ ਲੈਂਦੇ ਰਹੇ। ਦਿਨ ਚੜ੍ਹਦਿਆਂ ਸਾਹਿਬਜ਼ਾਦਿਆਂ ਨੂੰ ਕਚਹਿਰੀ ਵਿਚ ਪੇਸ਼ ਕਰਨ ਦਾ ਹੁਕਮ ਹੋਇਆ। ਸਾਹਿਬਜ਼ਾਦੇ ਬੁਲੰਦ ਹੌਸਲੇ ਵਿਚ ਸਨ। ਮਾਤਾ ਗੁਜਰੀ ਜੀ ਨੇ ਬੱਚਿਆਂ ਨੂੰ ਤਿਆਰ ਕੀਤਾ। ਸਾਹਿਬਜ਼ਾਦਿਆਂ ਨੂੰ ਕਚਹਿਰੀ ’ਚ ਵਜ਼ੀਰ ਖਾਂ ਦੇ ਸਾਹਮਣੇ ਪੇਸ਼ ਕੀਤਾ ਗਿਆ। ਉਨ੍ਹਾਂ ਨੂੰ ਪਹਿਲਾਂ ਧਨ, ਦੌਲਤ, ਜਗੀਰਾਂ, ਸ਼ਾਹੀ ਡੋਲੀਆਂ ਦੇ ਲਾਲਚ ਦੇ ਕੇ ਇਸਲਾਮ ਧਾਰਨ ਲਈ ਕਿਹਾ ਗਿਆ, ਫਿਰ ਸਰੀਰਕ ਕਸ਼ਟ ਤੇ ਮੌਤ ਦੇ ਡਰਾਵੇ ਦਿੱਤੇ ਗਏ ਪਰ ਕੋਮਲ ਜਿੰਦਾਂ ਦੇ ਚਿਹਰਿਆਂ ’ਤੇ ਸਿੱਖੀ ਪਿਆਰ, ਬੀਰਤਾ ਤੇ ਜੁਰਅਤ ਪ੍ਰਤੱਖ ਦਿਸ ਰਹੀ ਸੀ। ਸਾਹਿਬਜ਼ਾਦਿਆਂ ਦੇ ਅਡੋਲ ਚਿਤ ਰਹਿੰਦਿਆਂ ਰੋਅਬ ਭਰੇ ਜਵਾਬਾਂ ਨੇ ਸਭ ਨੂੰ ਕੰਬਣੀ ਛੇੜ ਦਿੱਤੀ।

ਸਾਹਿਬਜ਼ਾਦਿਆਂ ਨੂੰ ਇਸਲਾਮ ਧਾਰਨ ਕਰਵਾਉਣ ਲਈ ਲਾਲਚ, ਡਰਾਵੇ ਅਤੇ ਧਮਕੀਆਂ ਦਾ ਦੌਰ ਚਲਦਾ ਰਿਹਾ। ਪੇਸ਼ ਨਾ ਜਾਂਦੀ ਦੇਖ ਕੇ ਮੁੱਲਾਂ ਤੇ ਕਾਜ਼ੀਆਂ ਨੂੰ ਸਾਹਿਬਜ਼ਾਦਿਆਂ ਦੀ ਸਜ਼ਾ ਤੈਅ ਕਰਨ ਲਈ ਕਿਹਾ ਗਿਆ ਜਿਸ ’ਤੇ ਉਨ੍ਹਾਂ ਸਾਹਿਬਜ਼ਾਦਿਆਂ ਨੂੰ ਨੀਹਾਂ ਵਿਚ ਚਿਣ ਕੇ ਸ਼ਹੀਦ ਕਰਨ ਦਾ ਹੁਕਮ ਸੁਣਾਇਆ। ਇੰਞ ਦੋਹਾਂ ਸਾਹਿਬਜ਼ਾਦਿਆਂ ਨੇ ਸ਼ਹਾਦਤ ਪ੍ਰਾਪਤ ਕਰ ਕੇ ਦੁਨੀਆ ਦੇ ਇਤਿਹਾਸ ਅੰਦਰ ਨਿਵੇਕਲਾ ਪੰਨਾ ਸਿਰਜਿਆ। ਸਾਹਿਬਜ਼ਾਦਿਆਂ ਦੀ ਸ਼ਹੀਦੀ ਦੀ ਖਬਰ ਸੁਣ ਕੇ ਮਾਤਾ ਗੁਜਰੀ ਜੀ ਵੀ ਠੰਢੇ ਬੁਰਜ ਵਿਚ ਗੁਰਪੁਰੀ ਪਿਆਨਾ ਕਰ ਗਏ। ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸਸਕਾਰ ਲਈ ਦੀਵਾਨ ਟੋਡਰ ਮੱਲ ਨੇ ਸੋਨੇ ਦੀਆਂ ਮੋਹਰਾਂ ਦੇ ਕੇ ਜ਼ਮੀਨ ਖਰੀਦੀ ਜਿਸ ਸਥਾਨ ’ਤੇ ਗੁਰਦੁਆਰਾ ਜੋਤੀ ਸਰੂਪ ਸੁਭਾਇਮਾਨ ਹੈ।

ਸਾਹਿਬਜ਼ਾਦਿਆਂ ਦੀ ਸ਼ਹਾਦਤ ਨੇ ਸਿੱਖ ਸੰਘਰਸ਼ ਵਿਚ ਨਵੀਂ ਰੂਹ ਫੂਕ ਦਿੱਤੀ। ਦਸਮੇਸ਼ ਪਿਤਾ ਜੀ ਦਾ ਥਾਪੜਾ ਲੈ ਬਾਬਾ ਬੰਦਾ ਸਿੰਘ ਬਹਾਦਰ ਨੇ ਅਜਿਹੀ ਉਥਲ ਪੁਥਲ ਲਿਆਂਦੀ ਕਿ ਮੁਗ਼ਲ ਸਾਮਰਾਜ ਦੀਆਂ ਜੜ੍ਹਾਂ ਹਿੱਲ ਗਈਆਂ। ਸਿੱਖ ਯੋਧਿਆਂ ਨੇ ਹੈਂਕੜਬਾਜ਼ ਵਜ਼ੀਰ ਖਾਂ ਅਤੇ ਉਸ ਦੇ ਦਰਬਾਰੀਆਂ ਦੀ ਜੋ ਦਸ਼ਾ ਕੀਤੀ, ਉਹ ਇਤਿਹਾਸ ਬਣ ਗਿਆ।

ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ, ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਸਿੱਖਾਂ ਲਈ ਮਾਰਗ ਦਰਸ਼ਕ ਹੈ। ਇਹ ਸ਼ਹਾਦਤਾਂ ਸਾਨੂੰ ਸਿੱਖ ਧਰਮ ਦੀਆਂ ਉਚੀਆਂ-ਸੁੱਚੀਆਂ ਕਦਰਾਂ ਕੀਮਤਾਂ ’ਤੇ ਪਹਿਰਾ ਦੇਣ ਲਈ ਪ੍ਰੇਰ ਰਹੀਆਂ ਹਨ। ਆਓ, ਇਨ੍ਹਾਂ ਮਹਾਨ ਸ਼ਹਾਦਤਾਂ ਨੂੰ ਸਤਿਕਾਰ ਭੇਟ ਕਰਦਿਆਂ ਸਿੱਖ ਨੌਜਵਾਨੀ ਅਤੇ ਬੱਚਿਆਂ ਨੂੰ ਆਪਣੇ ਇਤਿਹਾਸ, ਪ੍ਰੰਪਰਾਵਾਂ, ਸਿਧਾਂਤਾਂ ਅਤੇ ਗੁਰਬਾਣੀ ਦੀ ਅੰਮ੍ਰਿਤਮਈ ਵਿਚਾਰਧਾਰਾ ਨਾਲ ਜੋੜੀਏ ਤਾਂ ਜੋ ਭਵਿੱਖ ਅੰਦਰ ਸਿੱਖ ਸਮਾਜ ਸਿੱਖ ਵਿਰਸੇ ਦੀ ਰੌਸ਼ਨੀ ਵਿਚ ਅੱਗੇ ਵਧ ਸਕੇ।

# ਨਵੀਆਂ ਵਿਆਖਿਆਵਾਂ ਤੇ ਨਵੇਂ ਗਿਆਨ ਸ਼ਾਸਤਰ


ਪਰਮਜੀਤ ਢੀਂਗਰਾ

ਬਾਬਾ ਬੁੱਲ੍ਹੇ ਸ਼ਾਹ ਨੂੰ ਪੰਜਾਬੀ ਸੂਫ਼ੀ ਕਾਵਿ ਦਾ ਸਿਖਰ ਮੰਨਿਆ ਜਾਂਦਾ ਹੈ। ਮੱਧਕਾਲੀ ਕਿਰਤਾਂ ਦਾ ਵੱਡਾ ਗੁਣ ਇਹ ਹੈ ਕਿ ਹਰ ਸਮੇਂ ਇਨ੍ਹਾਂ ਦੀਆਂ ਵਿਆਖਿਆਵਾਂ ਵਿਚੋਂ ਨਵੇਂ ਅਰਥ ਪ੍ਰਾਪਤ ਹੁੰਦੇ ਹਨ ਜੋ ਸਮੇਂ ਦੇ ਹਿਸਾਬ ਨਾਲ ਨਵੇਂ ਮੁੱਲਾਂ ਦੇ ਵਾਹਨ ਬਣ ਜਾਂਦੇ ਹਨ।

ਇਸ ਬਾਰੇ ਲੇਖਕ ਦਾ ਕਥਨ ਹੈ: ‘ਤਾਰੀਖ਼ ਦੇ ਹਰ ਵਾਰੇ ਦੀ ਵਿਚਾਰਧਾਰਾ ਦੀ ਆਪਣੀ ਵਲਗਣ ਹੁੰਦੀ ਹੈ ਜਿਸ ਵਿਚ ਰਮਜ਼ਾਂ ਤੇ ਸੈਨਤਾਂ ਦੀ ਆਪਣੀ ਲਫ਼ਜ਼ਾਲੀ (ਸ਼ਬਦਾਵਲੀ) ਹੁੰਦੀ ਹੈ। ਜਗੀਰਦਾਰੀ ਵਸੋਂ ਵਿਚ ਇਹ ਲਫ਼ਜ਼ਾਲੀ ਬਹੁਤੀ ਮਜ਼ਹਬੀ ਵਲਗਣ ਦੇ ਅੰਦਰ ਆਪਣੇ ਵੱਖਰੇ ਵੱਖਰੇ ਤੇ ਟਕਰਾਵੇਂ ਰੰਗ ਵਿਖਾਉਂਦੀ ਹੈ। ਇਕ ਹੀ ਹਰਫ਼ ਜਾਂ ਲਫ਼ਜ਼ ਦੇ ਮਤਲਬ ਟਕਰਾਵੇਂ ਹੋ ਸਕਦੇ ਹਨ।’

ਇਸ ਕਥਨ ਤੋਂ ਸਪਸ਼ਟ ਹੈ ਕਿ ਲੇਖਕ ਬੁੱਲ੍ਹੇ ਸ਼ਾਹ ਦੇ ਕਲਾਮ ਦੀਆਂ ਰਮਜ਼ਾਂ ਤੇ ਸੈਨਤਾਂ ਨੂੰ ਸ਼ਾਬਦਿਕ ਪੱਧਰ ’ਤੇ ਵਿਚਾਰਨ ਦਾ ਚਾਹਵਾਨ ਹੈ ਕਿਉਂਕਿ ਬੁੱਲ੍ਹੇ ਸ਼ਾਹ ਨਾਬਰੀ ਦਾ ਕਾਵਿ ਪ੍ਰਵਚਨ ਸਿਰਜਦਾ ਹੈ। ਹਰ ਕਿਰਤ ਆਪਣੇ ਸਮੇਂ ਦੀ ਸਮਾਜਿਕ ਡਾਇਲੈਕਟਿਸ ਨਾਲ ਵਿਰੋਧੀ ਸੁਰ ਵਿਚ ਸੰਵਾਦ ਰਚਾਉਂਦੀ ਹੈ। ਬੁੱਲ੍ਹੇ ਸ਼ਾਹ ਉੱਚੀ ਸੁਰ ਵਿਚ ਸਮੇਂ ਦੀਆਂ ਇਤਿਹਾਸਕ ਸਥਿਤੀਆਂ ਨੂੰ ਵੰਗਾਰਦਾ ਹੈ। ਉਹਦੇ ਕਾਵਿ ਪ੍ਰਵਚਨ ਵਿਚ ਮੁਗ਼ਲਸ਼ਾਹੀ ਦੀ ਮੁੱਲਾਂਪ੍ਰਸਤੀ ਪ੍ਰਤੀ ਵੰਗਾਰ ਹੈ। ਮੁੱਲਾਂ, ਕਾਜ਼ੀ ਰਜਵਾੜਾਸ਼ਾਹੀ ਤੇ ਸਥਾਪਤੀ ਦੇ ਪ੍ਰਤੀਨਿਧ ਤੇ ਸੰਚਾਲਕ ਰੂਪ ਵਿਚ ਲੋਕਾਂ ਨੂੰ ਵਿਚਾਰਧਾਰਕ ਤੌਰ ’ਤੇ ਖੁੰਢਾ ਕਰਕੇ ਧਰਮ+ਰਾਜ+ਸੱਤਾ ਦੇ ਰਿਸ਼ਤੇ ਨੂੰ ਪੁਖ਼ਤਾ ਕਰਨ ਵਿਚ ਪੁਲ ਦਾ ਕੰਮ ਕਰ ਰਹੇ ਹਨ। ਅਸਲ ਵਿਚ ਬੁੱਲ੍ਹੇ ਸ਼ਾਹ ਦਾ ਸਮਾਂ ਇਤਿਹਾਸਕ ਤੌਰ ਉੱਤੇ ਵੱਡੀਆਂ ਤਬਦੀਲੀਆਂ ਤੇ ਵੰਗਾਰਾਂ ਦਾ ਸਮਾਂ ਹੈ। ਰਾਜ ਸੱਤਾ ਵਿਚ ਉਥਲ-ਪੁਥਲ ਹੋ ਰਹੀ ਹੈ। ਇਸ ਹਫੜਾ-ਦਫੜੀ ਦੇ ਦੌਰ ਵਿਚ ਸੂਫ਼ੀ ਕਾਵਿ ਪ੍ਰਵਚਨ ਲੋਕਾਂ ਲਈ ਰਾਹ ਦਸੇਰਾ ਬਣ ਰਿਹਾ ਹੈ ਕਿਉਂਕਿ ਬੁੱਲ੍ਹੇ ਸ਼ਾਹ ਲੋਕਾਂ ਦੀ ਨਾਬਰੀ ਨੂੰ ਸੂਫ਼ੀ ਜ਼ੁਬਾਨ ਦੇ ਰਿਹਾ ਹੈ।

ਹਥਲੀ ਕਿਤਾਬ ‘ਬੁੱਲ੍ਹਾਨਾਮਾ’ (ਕੀਮਤ: 350 ਰੁਪਏ; ਚੇਤਨਾ ਪ੍ਰਕਾਸ਼ਨ, ਲੁਧਿਆਣਾ) ਵਿਚ ਡਾ. ਮਨਜ਼ੂਰ ਏਜਾਜ਼ ਨੇ ਬੁੱਲ੍ਹੇ ਸ਼ਾਹ ਦੇ ਕਲਾਮ ਨੂੰ ਸਮਝਣ-ਸਮਝਾਉਣ ਕਰਨ ਲਈ ਆਪਣਾ ਇਕ ਮਾਡਲ ਤਿਆਰ ਕੀਤਾ ਹੈ। ਸਭ ਤੋਂ ਪਹਿਲਾਂ ਉਹ ਕਾਫ਼ੀ ਦਾ ਇਕ ਬੰਦ (ਸਟੈਂਜ਼ਾ) ਦਿੰਦੇ ਹਨ। ਫਿਰ ਔਖੇ ਲਫ਼ਜ਼ਾਂ ਦੇ ਮਾਅਨੇ ਤੇ ਉਸ ਤੋਂ ਬਾਅਦ ਉਹਦਾ ਮਤਲਬ ਸਮਝਾਉਂਦੇ ਹਨ। ਜਿਵੇਂ ‘ਅਲਫ਼ ਅੱਲ੍ਹਾ’ ਵਾਲੇ ਸਟੈਂਜ਼ੇ ਦਾ ਮਤਲਬ ਦੱਸਦਿਆਂ ਲਿਖਦੇ ਹਨ: ‘ਕਾਫ਼ੀ ਦਾ ਸਿੱਧਾ ਮਤਲਬ ਤੇ ਇਹੋ ਹੈ ਕਿ ਅਲਫ਼ ਅੱਲ੍ਹਾ ਦੇ ਨਾਲ ਮੇਰਾ ਦਿਲ ਲਾਲ ਹੋ ਗਿਆ ਹੈ ਤੇ ਮੈਨੂੰ ਅਲਫ਼ ਦਾ ਅਜਿਹਾ ਸਵਾਦ ਮਿਲਿਆ ਹੈ ਜੋ ‘ਬੇ’ ਦੀ ਨਾ ਕੋਈ ਸਮਝ ਆਉਂਦੀ ਹੈ ਨਾ ਹੀ ਕੁਝ ਹੋਰ ਪਤਾ ਲੱਗਦਾ ਹੈ। ਅਲਫ਼ ਦੀ ਸਮਝਾਈ ਗੱਲ ਪਾਰੋਂ ‘ਐਨ’ ਤੇ ‘ਗੈਨ’ ਵੀ ਸਮਝ ਵਿਚ ਨਹੀਂ ਆਉਂਦੇ। ਅਲਫ਼ ਦੀ ਦੱਸੀ ਹੋਈ ਸੇਧ ਤੇ ਉਸ ਦੇ ਬੋਲ ਐਨੇ ਮੁਕੰਮਲ ਹਨ ਕਿ ਉਹ ਦਿਲ ਦੀ ਸਫ਼ਾਈ ਕਰ ਦੇਂਦੇ ਹਨ।’




ਇਸ ਤਰ੍ਹਾਂ ਉਹ ਲੰਮੀ ਚੌੜੀ ਤਫ਼ਸੀਲ ਦੇ ਕੇ ਸਾਰੀ ਕਾਫ਼ੀ ਦੇ ਅਰਥ ਤੇ ਮਾਰਕਸੀ ਵਿਚਾਰਧਾਰਾ ਦੇ ਪ੍ਰਸੰਗ ਵਿਚ ਉਹਦੀ ਸਾਰਥਕਤਾ ਲੱਭਣ ਦੀ ਕੋਸ਼ਿਸ਼ ਕਰਦੇ ਹਨ। ਉਨ੍ਹਾਂ ਦਾ ਮੁੱਖ ਜ਼ੋਰ ਇਸ ਗੱਲ ’ਤੇ ਹੈ ਕਿ ਅਰਥਾਂ ਨੂੰ ਉਨ੍ਹਾਂ ਦੇ ਪ੍ਰਸੰਗ ਵਿਚ ਰੱਖ ਕੇ ਉਨ੍ਹਾਂ ਦੀ ਆਧੁਨਿਕ ਵਿਆਖਿਆ ਕੀਤੀ ਜਾਵੇ। ਇਸ ਦੇ ਨਾਲ ਸੂਫ਼ੀ ਕਾਵਿ ਵਿਚਲੇ ਸੰਕਲਪਾਂ ਦੀ ਵੀ ਉਹ ਵਿਆਖਿਆ ਕਰਦੇ ਹਨ। ਮਸਲਨ ਇਸ਼ਕ ਹਕੀਕੀ ਸੂਫ਼ੀ ਕਾਵਿ ਦਾ ਪ੍ਰਮੁੱਖ ਸੰਕਲਪੀ ਸ਼ਬਦ ਹੈ। ਇਸ ਨੂੰ ਸਮਝਾਉਂਦਿਆਂ ਉਹ ਲਿਖਦੇ ਹਨ: ‘ਲਗਨ ਜਾਂ ਇਸ਼ਕ ਦੇ ਲੱਗਣ ਨੇ ਅਜਿਹੀ ਬੇਵਸੀ ਦਾ ਵਿਖਾਲਾ ਕੀਤਾ ਹੈ ਜਿਸ ਵਿਚ ਨਾ ਜੀਆ ਤੇ ਨਾ ਹੀ ਮਰਿਆ ਜਾ ਸਕਦਾ ਹੈ। ਇਸ਼ਕ ਦਾ ਲੱਗਣਾ ਰੋਜ਼-ਬ-ਰੋਜ਼ ਦੇ ਚਾਲੂ ਵਿਹਾਰ ਦਾ ਕੋਈ ਇਕ ਕੰਮ ਨਹੀਂ ਜਿਸ ਦੇ ਹੱਲ ਲਈ ਕੋਈ ਨਾ ਕੋਈ ਰਾਹ ਜਾਂ ਵਸੀਲਾ ਮੌਜੂਦ ਹੁੰਦਾ ਹੈ। ਲਗਨ ਜਾਂ ਇਸ਼ਕ ਦਾ ਲੱਗਣਾ ਸਮਾਜ ਦੇ ਵਿਹਾਰ ਤੋਂ ਵੱਖਰਾ ਹੀ ਨਹੀਂ ਸਗੋਂ ਉਸ ਦਾ ਉਲਟ ਵੀ ਹੈ।’ ਬੁੱਲ੍ਹੇ ਸ਼ਾਹ ਨੇ ਸੂਫ਼ੀਅਤ ਦੇ ਨਾਲ ਨਾਲ ਬੰਦੇ ਦੀ ਬੰਦਈ ਨੂੰ ਵੀ ਸਮਝਣ ਦੀ ਕੋਸ਼ਿਸ਼ ਕੀਤੀ ਹੈ। ਉਹ ਦੇਖ ਰਿਹਾ ਹੈ ਕਿ ਬੰਦੇ ਅੰਦਰ ਕਈ ਬੰਦੇ ਨੇ। ਸਮਾਜਿਕ ਵਰਤਾਰਿਆਂ ਨੇ ਉਹਨੂੰ ਕਈ ਖਾਨਿਆਂ ਵਿਚ ਵੰਡਿਆ ਹੋਇਆ ਹੈ। ਇਸ ਵੰਡ ਵਿਚ ਉਹ ਮਜ਼ਹਬ, ਜਾਤ, ਮੁਲਕ, ਇਲਾਕੇ ਤੇ ਹੋਰ ਕਈ ਇਕਾਈਆਂ ਵਿਚ ਵੰਡਿਆ ਹੋਇਆ ਹੈ। ਇਸ ਦੇ ਨਾਲ ਵੱਖ ਵੱਖ ਵਿਚਾਰਧਾਰਾਵਾਂ ਨਾਲ ਜੁੜੇ ਵਿਅਕਤੀ ਓਸੇ ਪੱਖ ਤੋਂ ਹਰ ਵਰਤਾਰੇ ਦੀ ਵਿਆਖਿਆ ਕਰਦੇ ਹਨ। ਇਸ ਨਾਲ ਵਿਅਕਤੀ ਦੀ ਤਸਵੀਰ ਮੁਕੰਮਲ ਨਹੀਂ ਹੁੰਦੀ। ਕਦੇ ਉਹਦਾ ਇਕ ਪਾਸਾ ਨਜ਼ਰ ਆਉਂਦਾ ਹੈ ਤੇ ਕਦੇ ਦੂਸਰਾ। ਇਸ ਤੋਂ ਇਹ ਸਵਾਲ ਪੈਦਾ ਹੁੰਦਾ ਹੈ ਕਿ ਜੇ ਇਨ੍ਹਾਂ ਖਾਨਿਆਂ ਨੂੰ ਢਾਹ ਦਿੱਤਾ ਜਾਵੇ ਤਾਂ ਅਸਲ ਬੰਦਾ ਕੀ ਹੈ, ਇਹਦਾ ਪਤਾ ਲੱਗ ਸਕਦਾ ਹੈ।

ਜਦੋਂ ਹਰ ਚੀਜ਼ ਵਿਚ ਅੱਲ੍ਹਾ ਦਾ ਜਲੌਅ ਮੰਨ ਲਿਆ ਜਾਵੇ ਤਾਂ ਪਤਾ ਲੱਗਦਾ ਹੈ ਕਿ ਉਹ ਬੇਸ਼ੁਮਾਰ ਰੂਪਾਂ ਤੇ ਆਕਾਰਾਂ ਵਿਚ ਆਪਣਾ ਵਿਖਾਲਾ ਕਰ ਰਿਹਾ ਹੈ। ਬੁੱਲ੍ਹੇ ਸ਼ਾਹ ਦਾ ਉਹ ਢੋਲਣ ਮਾਹੀ ਹੈ। ਢੋਲਣ ਮਾਹੀ ਲਈ ਸ਼ਹੁ, ਪਿਆਰਾ ਤੇ ਹੋਰ ਵੀ ਲਫ਼ਜ਼ਾਲੀ ਵਰਤੀ ਗਈ ਹੈ। ਇਸ ਦੀ ਵਿਆਖਿਆ ਕਰਦਾ ਲੇਖਕ ਲਿਖਦਾ ਹੈ:

‘ਸਾਰੀ ਗੱਲ ਦਾ ਤੱਤ ਸਾਰ ਇਹ ਹੈ ਕਿ ਇਕ ਮੁੱਢਲੀ ਹਕੀਕਤ ਕਈਆਂ ਰੂਪਾਂ ਵਿਚ ਆਪਣੇ ਆਪ ਨੂੰ ਵਿਖਾ ਰਹੀ ਹੈ। ਵਿਚਾਰਧਾਰਾ ਦੇ ਹਿਸਾਬ ਨਾਲ ਕੁਦਰਤ ਤੇ ਸੰਸਾਰ ਵਿਚ ਚਲਦੇ ਇਕ ਮੁੱਢਲੇ ਅਸੂਲ ਦੀ ਪਛਾਣ ਅਗੂੰਹੀ ਗੱਲ ਹੈ। ਇਕ ਨੂੰ ਮੰਨਣ ਦੇ ਉਲਟ ਕਈਆਂ ਅਸੂਲਾਂ, ਫਾਰਮੂਲਿਆਂ ਤੇ ਹਸਤੀਆਂ ਨੂੰ ਮੰਨਣਾ ਪਏਗਾ। ਮੁਸਲਮਾਨਾਂ ਵਿਚ ਆਮ ਮਨੁੱਖ ਤੋਂ ਲੈ ਕੇ ਪੈਗੰਬਰਾਂ, ਫਰਿਸ਼ਤਿਆਂ ਤੇ ਰੱਬ ਤਾਈਂ ਇਕ ਪੂਰੀ ਦਰਜਾਬੰਦੀ ਹੈ। ਇਸੇ ਤਰ੍ਹਾਂ ਹਿੰਦੂ ਮੱਤ ਵਿਚ ਵੀ ਦੇਵਤਿਆਂ ਤੇ ਦੇਵੀਆਂ ਦਾ ਇਕ ਪੂਰਾ ਨਿਜ਼ਾਮ ਹੈ ਜਿਸ ਵਿਚ ਦੁਨੀਆ ਵਿਚ ਹੋਵਣ ਵਾਲੇ ਸਾਰੇ ਕੰਮ ਵੱਖੋ ਵੱਖ ਦੇਵਤਿਆਂ ਜਾਂ ਦੇਵੀਆਂ ਦੇ ਜ਼ਿੰਮੇ ਹਨ। ਇਸ ਤਰ੍ਹਾਂ ਵੇਖੋ ਤਾਂ ਸਮਾਜ ਵਿਚ ਜਾਤਾਂ, ਤਬਕਿਆਂ ਤੇ ਇਲਾਕਿਆਂ ਦੀਆਂ ਵੱਖਰੀਆਂ ਵੱਖਰੀਆਂ ਖਾਸੀਅਤਾਂ ਨਜ਼ਰ ਆਉਂਦੀਆਂ ਹਨ। ਮਨੁੱਖਾਂ, ਪਸ਼ੂਆਂ, ਜਾਨਵਰਾਂ, ਸਮੁੰਦਰਾਂ ਤੇ ਦਰਿਆਵਾਂ ਦੇ ਨਿਜ਼ਾਮ ਵੱਖ ਵੱਖ ਕਰ ਕੇ ਸਮਝੇ ਜਾਂਦੇ ਹਨ। ਪਰ ਅਗੂੰਹੀ ਵਿਚਾਰਧਾਰਾ ਇਹ ਹੈ ਕਿ ਇਨ੍ਹਾਂ ਸਭਨਾਂ ਵਿਚ ਇਕ ਹੀ ਤਾਕਤ ਜਾਂ ਅਸੂਲ ਦੀ ਪਛਾਣ ਦ੍ਰਿੜ੍ਹ ਹੈ।’

ਕੁੱਲ ਮਿਲਾ ਕੇ ਦੇਖਿਆ ਜਾਵੇ ਤਾਂ ਇਹ ਪੁਸਤਕ ਬੁੱਲ੍ਹੇ ਸ਼ਾਹ ਦੇ ਹਵਾਲੇ ਨਾਲ ਸਮਾਜ ਤੇ ਕੁਦਰਤ ਦੇ ਦੁਵੱਲੇ ਰਿਸ਼ਤੇ ਨੂੰ ਵਿਭਿੰਨ ਸਰੋਕਾਰਾਂ ਤੇ ਇਕਾਈਆਂ ਰਾਹੀਂ ਸਮਝਣ ਦਾ ਸੁਹਿਰਦ ਉਪਰਾਲਾ ਹੈ। ਅੱਜ ਦੇ ਸਮੇਂ ਵਿਚ ਜਦੋਂ ਨੈਤਿਕ ਮੁੱਲ ਬਦਲ ਗਏ ਹਨ, ਮਨੁੱਖੀ ਨਜ਼ਰੀਏ ਵਿਚ ਵੱਡੀ ਤਬਦੀਲੀ ਆ ਗਈ ਹੈ, ਵਸਤੂ ਸੰਸਾਰ ਨੂੰ ਪਰਿਭਾਸ਼ਤ ਕਰਨ ਦੇ ਤੌਰ ਤਰੀਕੇ ਬਦਲ ਗਏ ਹਨ ਤਾਂ ਇਸ ਪ੍ਰਸੰਗ ਵਿਚ ਸੂਫ਼ੀ ਕਾਵਿ ਦੀਆਂ ਨਵੀਆਂ ਵਿਆਖਿਆਵਾਂ ਨਵੇਂ ਗਿਆਨ ਸ਼ਾਸਤਰ ਨੂੰ ਸਿਰਜਣ ਵੱਲ ਸੇਧਿਤ ਹਨ। ਹਥਲਾ ਅਧਿਐਨ ਅਜਿਹਾ ਹੀ ਇਕ ਉਪਰਾਲਾ ਕਿਹਾ ਜਾ ਸਕਦਾ ਹੈ। ਵਿਦਵਾਨਾਂ, ਖੋਜਾਰਥੀਆਂ ਤੇ ਵਿਦਿਆਰਥੀਆਂ ਲਈ ਇਹ ਅਧਿਐਨ ਕਾਫ਼ੀ ਲਾਹੇਵੰਦ ਸਾਬਤ ਹੋ ਸਕਦਾ ਹੈ। ਇਸ ਕਿਤਾਬ ਦੇ ਲਿੱਪੀਅੰਤਰਣ ਤੇ ਸੰਪਾਦਨ ਲਈ ਮਨਦੀਪ ਸਨੇਹੀ, ਦੀਪ ਨਿਰਮੋਹੀ ਤੇ ਅਸ਼ੋਕ ਕਾਸਿਦ ਨੇ ਲਗਨ ਤੇ ਸੁਹਿਰਦਤਾ ਨਾਲ ਕੰਮ ਕੀਤਾ ਹੈ।

ਸੰਪਰਕ: 94173-58120

# 2024 ਦੇ ਤਕਨੀਕੀ ਲੈਂਡਸਕੇਪ ਨੂੰ ਆਕਾਰ ਦੇਣ ਵਾਲੇ ਚੋਟੀ ਦੇ ਮਲਟੀਮੋਡਲ ਆਰਟੀਫੀਸ਼ੀਅਲ ਇੰਟੈਲੀਜੈਂਸ ਟੂਲਸ ਦੀ ਪੜਚੋਲ ਕਰੋ

ਮਲਟੀਮੋਡਲ ਏਆਈ ਟੂਲ, ਇੱਕ ਵਾਰ ਯੂਨੀਮੋਡਲ ਇਨਪੁਟ ਕਾਰਜਾਂ ਤੱਕ ਸੀਮਤ, ਮਹੱਤਵਪੂਰਨ ਤੌਰ 'ਤੇ ਵਿਕਸਤ ਹੋਏ ਹਨ, ਟੈਕਸਟ, ਚਿੱਤਰ, ਵੀਡੀਓ ਅਤੇ ਆਡੀਓ ਨੂੰ ਸ਼ਾਮਲ ਕਰਨ ਲਈ ਆਪਣੀਆਂ ਸਮਰੱਥਾਵਾਂ ਨੂੰ ਵਧਾਉਂਦੇ ਹੋਏ। ਮਾਰਕਿਟ ਅਤੇ ਮਾਰਕਿਟ ਖੋਜ ਦੇ ਅਨੁਸਾਰ, ਗਲੋਬਲ ਮਲਟੀਮੋਡਲ ਏਆਈ ਮਾਰਕੀਟ 2023 ਵਿੱਚ $1 ਬਿਲੀਅਨ ਤੋਂ ਵਧ ਕੇ 2028 ਤੱਕ $4.5 ਬਿਲੀਅਨ ਤੱਕ ਪਹੁੰਚਣ ਦਾ ਅਨੁਮਾਨ ਹੈ, ਜੋ ਇਹਨਾਂ ਸਾਧਨਾਂ ਦੀ ਵੱਧ ਰਹੀ ਮਹੱਤਤਾ ਨੂੰ ਉਜਾਗਰ ਕਰਦਾ ਹੈ। ਵਿਕਲਪਾਂ ਦੀ ਵਿਸਤ੍ਰਿਤ ਸ਼੍ਰੇਣੀ ਵਿੱਚ ਨੈਵੀਗੇਟ ਕਰਨਾ ਚੁਣੌਤੀਪੂਰਨ ਹੋ ਸਕਦਾ ਹੈ, ਇਸ ਲਈ ਆਓ 2024 ਲਈ ਪੰਜ ਸਰਵੋਤਮ ਮਲਟੀਮੋਡਲ ਟੂਲਸ ਦੀ ਪੜਚੋਲ ਕਰੀਏ।

## ਗੂਗਲ ਜੈਮਿਨੀ

ਗੂਗਲ ਜੈਮਿਨੀ, ਇੱਕ ਮੂਲ ਰੂਪ ਵਿੱਚ ਮਲਟੀਮੋਡਲ ਲੈਂਗੂਏਜ ਮਾਡਲ , ਇੱਕ ਬਹੁਮੁਖੀ ਟੂਲ ਦੇ ਰੂਪ ਵਿੱਚ ਵੱਖਰਾ ਹੈ ਜੋ ਟੈਕਸਟ, ਚਿੱਤਰ, ਵੀਡੀਓ, ਕੋਡ, ਅਤੇ ਆਡੀਓ ਦੀ ਪਛਾਣ ਕਰਨ ਅਤੇ ਬਣਾਉਣ ਦੇ ਸਮਰੱਥ ਹੈ। ਤਿੰਨ ਸੰਸਕਰਣਾਂ ਵਿੱਚ ਵੰਡਿਆ ਗਿਆ ਹੈਜੇਮਿਨੀ ਅਲਟਰਾ, ਜੈਮਿਨੀ ਪ੍ਰੋ, ਅਤੇ ਜੇਮਿਨੀ ਨੈਨੋਹਰੇਕ ਖਾਸ ਉਪਭੋਗਤਾ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਦੇ ਹਨ। ਜੈਮਿਨੀ ਅਲਟਰ, ਸਭ ਤੋਂ ਵੱਡਾ ਐਲ ਐਲ ਐਮ, ਪ੍ਰਦਰਸ਼ਨ ਵਿੱਚ ਉੱਤਮ ਹੈ, 32 ਵਿੱਚੋਂ 30 ਬੈਂਚਮਾਰਕਾਂ 'ਤੇ ਜੀਪੀਟੀ 4ਵੀ ਨੂੰ ਪਛਾੜਦਾ ਹੈ, ਜਿਵੇਂ ਕਿ ਡੇਮਿਸ ਹੈਸਾਬੀਸ, ਸੀਈਓ, ਅਤੇ ਗੂਗਲ ਡੀਪਮਾਇੰਡ ਦੇ ਸਹਿ-ਸੰਸਥਾਪਕ ਦੁਆਰਾ ਸਾਂਝਾ ਕੀਤਾ ਗਿਆ ਹੈ।




## ਚੈਟਜੀਪੀਟੀ (ਜੀਪੀਟੀ 4ਵੀ)

ਚੈਟਜੀਪੀਟੀ, ਜੀਪੀਟੀ-4ਵੀ ਵਿਦ ਵਿਜ਼ਨ ਦੁਆਰਾ ਸੰਚਾਲਿਤ, ਉਪਭੋਗਤਾਵਾਂ ਨੂੰ ਟੈਕਸਟ ਅਤੇ ਚਿੱਤਰਾਂ ਨੂੰ ਇਨਪੁਟ ਕਰਨ ਦੀ ਆਗਿਆ ਦੇ ਕੇ ਮਲਟੀਮੋਡੈਲਿਟੀ ਪੇਸ਼ ਕਰਦਾ ਹੈ। ਨਵੰਬਰ 2023 ਤੱਕ ਪ੍ਰਭਾਵਸ਼ਾਲੀ 100 ਮਿਲੀਅਨ ਹਫਤਾਵਾਰੀ ਸਰਗਰਮ ਉਪਭੋਗਤਾਵਾਂ ਦੇ ਨਾਲ, ਚੈਟਜੀਪੀਟੀ ਪ੍ਰੋਂਪਟ ਵਿੱਚ ਟੈਕਸਟ, ਵੌਇਸ ਅਤੇ ਚਿੱਤਰਾਂ ਦੇ ਮਿਸ਼ਰਣ ਦਾ ਸਮਰਥਨ ਕਰਦਾ ਹੈ, ਅਤੇ ਪੰਜ ਤੱਕ ਏਆਈ ਦੁਆਰਾ ਤਿਆਰ ਕੀਤੀਆਂ ਆਵਾਜ਼ਾਂ ਵਿੱਚ ਜਵਾਬ ਦਿੰਦਾ ਹੈ। ਜੀਪੀਟੀ 4ਵੀ ਵੇਰੀਐਂਟ ਸਭ ਤੋਂ ਵੱਡੇ ਮਲਟੀਮੋਡਲ ਏਆਈ ਟੂਲਸ ਵਿੱਚੋਂ ਇੱਕ ਹੈ, ਇੱਕ ਵਿਆਪਕ ਉਪਭੋਗਤਾ ਅਨੁਭਵ ਦੀ ਪੇਸ਼ਕਸ਼ ਕਰਦਾ ਹੈ।

## ਵਿਸ਼ਵ ਏ.ਆਈ

ਵਰਲਡ ਏਆਈ ਵਿੱਚ, ਇੱਕ ਅੱਖਰ ਇੰਜਣ, ਡਿਵੈਲਪਰਾਂ ਨੂੰ ਡਿਜੀਟਲ ਦੁਨੀਆ ਲਈ ਗੈਰ-ਖੇਡਣ ਯੋਗ ਅੱਖਰ (ਐਨਪੀਐਸ) ਅਤੇ ਵਰਚੁਅਲ ਸ਼ਖਸੀਅਤਾਂ ਬਣਾਉਣ ਲਈ ਸ਼ਕਤੀ ਪ੍ਰਦਾਨ ਕਰਦਾ ਹੈ। ਮਲਟੀਮੋਡਲ ਏਆਈ ਦਾ ਲਾਭ ਉਠਾਉਂਦੇ ਹੋਏ, ਵਿਸ਼ਵ ਵਿੱਚ ਏਆਈ ਐਨਪੀਐਸ ਨੂੰ ਕੁਦਰਤੀ ਭਾਸ਼ਾ, ਆਵਾਜ਼, ਐਨੀਮੇਸ਼ਨਾਂ ਅਤੇ ਭਾਵਨਾਵਾਂ ਰਾਹੀਂ ਸੰਚਾਰ ਕਰਨ ਦੇ ਯੋਗ ਬਣਾਉਂਦਾ ਹੈ। ਡਿਵੈਲਪਰ ਡਿਜੀਟਲ ਤਜ਼ਰਬਿਆਂ ਦੀ ਇਮਰਸਿਵ ਗੁਣਵੱਤਾ ਨੂੰ ਵਧਾਉਂਦੇ ਹੋਏ, ਖੁਦਮੁਖਤਿਆਰੀ ਕਾਰਵਾਈਆਂ, ਵਿਲੱਖਣ ਸ਼ਖਸੀਅਤਾਂ, ਭਾਵਨਾਤਮਕ ਪ੍ਰਗਟਾਵੇ, ਅਤੇ ਪਿਛਲੀਆਂ ਘਟਨਾਵਾਂ ਦੀਆਂ ਯਾਦਾਂ ਨਾਲ ਸਮਾਰਟ ਐਨਪੀਐਸ ਤਿਆਰ ਕਰ ਸਕਦੇ ਹਨ।

## ਮੈਟਾ ਚਿੱਤਰ ਬੰਨ੍ਹ

ਮੈਟਾ ਇਮੇਜ ਬਾਇੰਡ, ਇੱਕ ਓਪਨ-ਸੋਰਸ ਮਲਟੀਮੋਡਲ ਏਆਈ ਮਾਡਲ, ਟੈਕਸਟ, ਆਡੀਓ, ਵਿਜ਼ੂਅਲ, ਮੂਵਮੈਂਟ, ਥਰਮਲ, ਅਤੇ ਡੂੰਘਾਈ ਡੇਟਾ ਦੀ ਪ੍ਰਕਿਰਿਆ ਦੁਆਰਾ ਵੱਖਰਾ ਹੈ। ਛੇ ਰੂਪਾਂ ਵਿੱਚ ਜਾਣਕਾਰੀ ਨੂੰ ਜੋੜਨ ਦੇ ਸਮਰੱਥ ਪਹਿਲੇ ਮਾਡਲ ਦੇ ਰੂਪ ਵਿੱਚ, ਚਿੱਤਰ ਬਾਇੰਡ ਵੱਖ-ਵੱਖ ਇਨਪੁਟਸ, ਜਿਵੇਂ ਕਿ ਇੱਕ ਕਾਰ ਇੰਜਣ ਦਾ ਆਡੀਓ ਅਤੇ ਇੱਕ ਬੀਚ ਦੀ ਇੱਕ ਤਸਵੀਰ ਨੂੰ ਮਿਲਾ ਕੇ ਕਲਾ ਬਣਾਉਂਦਾ ਹੈ।

## ਰਨਵੇ ਜਨਰਲ -2

ਰਨਵੇ ਜਨਰਲ -2 ਵੀਡੀਓ ਜਨਰੇਸ਼ਨ ਵਿੱਚ ਮੁਹਾਰਤ ਵਾਲੇ ਇੱਕ ਬਹੁਮੁਖੀ ਮਲਟੀਮੋਡਲ ਏਆਈ ਮਾਡਲ ਦੇ ਤੌਰ 'ਤੇ ਸੈਂਟਰ ਪੜਾਅ ਲੈਂਦਾ ਹੈ। ਇਹ ਟੈਕਸਟ, ਚਿੱਤਰ, ਜਾਂ ਵੀਡੀਓ ਇਨਪੁਟ ਨੂੰ ਸਵੀਕਾਰ ਕਰਦਾ ਹੈ, ਉਪਭੋਗਤਾਵਾਂ ਨੂੰ ਟੈਕਸਟ-ਟੂ-ਵੀਡੀਓ, ਚਿੱਤਰ-ਤੋਂ-ਵੀਡੀਓ, ਅਤੇ ਵੀਡੀਓ-ਤੋਂ-ਵੀਡੀਓ ਕਾਰਜਕੁਸ਼ਲਤਾਵਾਂ ਦੁਆਰਾ ਅਸਲੀ ਵੀਡੀਓ ਸਮੱਗਰੀ ਬਣਾਉਣ ਦੀ ਆਗਿਆ ਦਿੰਦਾ ਹੈ। ਉਪਭੋਗਤਾ ਮੌਜੂਦਾ ਚਿੱਤਰਾਂ ਜਾਂ ਪ੍ਰੋਂਪਟਾਂ ਦੀ ਸ਼ੈਲੀ ਦੀ ਨਕਲ ਕਰ ਸਕਦੇ ਹਨ, ਵੀਡੀਓ ਸਮੱਗਰੀ ਨੂੰ ਸੰਪਾਦਿਤ ਕਰ ਸਕਦੇ ਹਨ, ਅਤੇ ਉੱਚ ਵਫ਼ਾਦਾਰੀ ਦੇ ਨਤੀਜੇ ਪ੍ਰਾਪਤ ਕਰ ਸਕਦੇ ਹਨ, ਜਿਸ ਨਾਲ ਜਨਰਲ -2 ਨੂੰ ਰਚਨਾਤਮਕ ਪ੍ਰਯੋਗਾਂ ਲਈ ਇੱਕ ਆਦਰਸ਼ ਵਿਕਲਪ ਬਣਾਇਆ ਜਾ ਸਕਦਾ ਹੈ।






# ਮੁੱਖ ਮੰਤਰੀ ਭਗਵੰਤ ਮਾਨ ਵਲੋਂ ਗਣਤੰਤਰ ਦਿਵਸ ਪਰੇਡ ਲਈ ਸੂਬੇ ਦੀ ਝਾਕੀ ਨੂੰ ਰੱਦ ਕਰਨ ’ਤੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਆਲੋਚਨਾ

## ਗਣਤੰਤਰ ਦਿਵਸ ਤੇ ਸੁਤੰਤਰਤਾ ਦਿਵਸ ਦੇ ਸਿਆਸੀਕਰਨ ਲਈ ਭਾਜਪਾ ਨੂੰ ਕਰੜੇ ਹੱਥੀਂ ਲਿਆ, ਸੱਤਾ ਦੇ ਨਸ਼ੇ ਵਿੱਚ ਹੰਕਾਰੀ ਕੇਂਦਰ ਸਰਕਾਰ, ਸੁਤੰਤਰਤਾ ਸੰਗਰਾਮ ਵਿੱਚ ਪੰਜਾਬੀਆਂ ਵੱਲੋਂ ਦਿੱਤੀਆਂ ਲਾਮਿਸਾਲ ਕੁਰਬਾਨੀਆਂ ਦਾ ਨਿਰਾਦਰ ਕਰ ਰਹੀ ਹੈ : ਮੁੱਖ ਮੰਤਰੀ





ਚੰਡੀਗੜ੍ਹ, 27 ਦਸੰਬਰ (ਗਿਆਨ ਸਿੰਘ): ਗਣਤੰਤਰ ਦਿਵਸ ਪਰੇਡ ਲਈ ਸੂਬੇ ਦੀ ਝਾਕੀ ਰੱਦ ਕਰਨ ਲਈ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਆਲੋਚਨਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੱਤਾ ਦੇ ਨਸ਼ੇ ਵਿੱਚ ਹੰਕਾਰੀ ਕੇਂਦਰ ਸਰਕਾਰ, ਸੁਤੰਤਰਤਾ ਸੰਗਰਾਮ ਵਿੱਚ ਪੰਜਾਬੀਆਂ ਵੱਲੋਂ ਦਿੱਤੇ ਲਾਮਿਸਾਲ ਬਲੀਦਾਨ ਦੀ ਨਿਰਾਦਰੀ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ, “ਇਹ ਪਹਿਲੀ ਦਫ਼ਾ ਨਹੀਂ ਹੈ, ਸਗੋਂ ਪਿਛਲੇ ਸਾਲ ਵੀ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਅਜਿਹੀ ਸ਼ਰਾਰਤ ਕੀਤੀ ਸੀ ਅਤੇ ਇਸ ਸਾਲ ਵੀ ਝਾਕੀ ਰੱਦ ਕਰ ਕੇ ਉਹੀ ਹਰਕਤ ਦੁਹਰਾਈ ਹੈ। ਕੇਂਦਰ ਸਰਕਾਰ ਪੰਜਾਬ ਦੇ ਜ਼ਖ਼ਮਾਂ ਉਤੇ ਲੂਣ ਛਿੜਕ ਰਹੀ ਹੈ।”

ਇੱਥੇ ਪੰਜਾਬ ਭਵਨ ਵਿਖੇ ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਕ ਪਾਸੇ ਦੁਨੀਆ ਭਰ ਤੋਂ ਸ਼ਰਧਾਲੂ ਫਤਹਿਗੜ੍ਹ ਸਾਹਿਬ ਪੁੱਜ ਕੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਅੱਗੇ ਨਤਮਸਤਕ ਹੋ ਰਹੇ ਹਨ, ਦੂਜੇ ਪਾਸੇ ਇਨ੍ਹਾਂ ਪਵਿੱਤਰ ਦਿਨਾਂ ਵਿੱਚ ਭਾਜਪਾ ਸਰਕਾਰ ਪੰਜਾਬ ਦੀ ਨਿਰਾਦਰੀ ਕਰਨ ਲਈ ਅਜਿਹੇ ਕੋਝੇ ਹਥਕੰਡੇ ਅਪਣਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਹਾਦਤਾਂ ਤੇ ਬਲੀਦਾਨ ਸੂਬੇ ਦੀ ਮਹਾਨ ਵਿਰਾਸਤ ਦਾ ਹਿੱਸਾ ਹਨ, ਜਿਨ੍ਹਾਂ ਨੂੰ ਸੂਬੇ ਦੀਆਂ ਝਾਕੀਆਂ ਵਿੱਚ ਬਾਖੂਬੀ ਦਿਖਾਇਆ ਜਾਣਾ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਦੇਸ਼ ਭਗਤੀ ਦੇ ਵਿਚਾਰਾਂ ਵਾਲੀਆਂ ਝਾਕੀਆਂ ਨੂੰ ਰੱਦ ਕਰ ਕੇ ਕੇਂਦਰ ਸਰਕਾਰ ਨੇ ਮਹਾਨ ਦੇਸ਼ ਭਗਤਾਂ ਤੇ ਕੌਮੀ ਨਾਇਕਾਂ ਦੇ ਬਲੀਦਾਨ ਦੀ ਬੇਹੁਰਮਤੀ ਕੀਤੀ ਹੈ।

ਮੁੱਖ ਮੰਤਰੀ ਨੇ ਸਪੱਸ਼ਟ ਤੌਰ ਉਤੇ ਆਖਿਆ ਕਿ ਸੂਬੇ ਨਾਲ ਮਤਰੇਈ ਮਾਂ ਵਾਲਾ ਇਹ ਸਲੂਕ ਕਤਈ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਕਿੰਨੀ ਬਦਕਿਸਮਤੀ ਵਾਲੀ ਗੱਲ ਹੈ ਕਿ ਇਹ ਫੈਸਲਾ ਉਨ੍ਹਾਂ ਦਿਨਾਂ ਦੌਰਾਨ ਕੀਤਾ ਗਿਆ, ਜਦੋਂ ਸਮੁੱਚੀ ਦੁਨੀਆ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਵੱਲੋਂ ਦਿੱਤੇ ਲਾਮਿਸਾਲ ਬਲੀਦਾਨ ਅੱਗੇ ਸਿਰ ਝੁਕਾ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਤਿਆਚਾਰੀ ਮੋਦੀ ਸਰਕਾਰ ਇਹ ਗੱਲ ਭੁੱਲ ਗਈ ਹੈ ਕਿ ਪੰਜਾਬੀਆਂ ਨੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਦੇ ਨਾਲ-ਨਾਲ ਆਜ਼ਾਦੀ ਹਾਸਲ ਕਰਨ ਅਤੇ ਇਸ ਨੂੰ ਬਰਕਰਾਰ ਰੱਖਣ ਲਈ ਬੇਮਿਸਾਲ ਕੁਰਬਾਨੀਆਂ ਦਿੱਤੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੀਆਂ ਇਨ੍ਹਾਂ ਝਾਕੀਆਂ ਨਾਲ ਗਣਤੰਤਰ ਦਿਵਸ ਪਰੇਡ, ਜਿਸ ਵਿੱਚ ਇਸ ਸਾਲ ਫਰਾਂਸ ਦੇ ਰਾਸ਼ਟਰਪਤੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ, ਦਾ ਮਾਣ ਵਧਣਾ ਸੀ। ਉਨ੍ਹਾਂ ਕਿਹਾ ਕਿ ਇਸ ਪਰੇਡ ਵਿੱਚ ਹਰੇਕ ਸੂਬਾ ਆਪਣੀ ਵਿਰਾਸਤ ਨੂੰ ਦਰਸਾਉਂਦਾ ਹੈ ਪਰ ਮੋਦੀ ਸਰਕਾਰ ਨੇ ਪਿਛਲੇ ਦੋ ਸਾਲਾਂ ਵਿੱਚ ਜਾਣ ਬੁੱਝ ਕੇ ਪੰਜਾਬ ਨੂੰ ਇਸ ਤੋਂ ਬਾਹਰ ਰੱਖਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਸਾਲ ਵੀ ਝਾਕੀਆਂ ਲਈ ਚੁਣੇ ਗਏ ਸੂਬਿਆਂ ਵਿੱਚੋਂ 90 ਫੀਸਦੀ ਤੋਂ ਵੱਧ ਭਾਜਪਾ ਦੇ ਸ਼ਾਸਨ ਵਾਲੇ ਸੂਬੇ ਹਨ, ਜਿਸ ਤੋਂ ਝਲਕਦਾ ਹੈ ਕਿ ਮੋਦੀ ਸਰਕਾਰ ਵੱਲੋਂ ਸੁਤੰਤਰਤਾ ਦਿਵਸ ਤੇ ਗਣਤੰਤਰ ਦਿਵਸ ਦਾ ਸਿਆਸੀਕਰਨ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਸਾਲ ਵੀ ਪੰਜਾਬ ਸਰਕਾਰ ਨੇ ਤਿੰਨ ਵਿਸ਼ੇ ‘ਪੰਜਾਬ-ਸ਼ਹੀਦਾਂ ਅਤੇ ਕੁਰਬਾਨੀਆਂ ਦੀ ਗਾਥਾ’, ‘ਨਾਰੀ ਸ਼ਕਤੀ’ (ਮਾਈ ਭਾਗੋ-ਪਹਿਲੀ ਮਹਾਨ ਸਿੱਖ ਜੰਗਜੂ ਬੀਬੀ) ਅਤੇ ‘ਪੰਜਾਬ ਦੇ ਅਮੀਰ ਸੱਭਿਆਚਾਰ ਦੀ ਪੇਸ਼ਕਾਰੀ’ ਵਿਸ਼ਿਆਂ ਨੂੰ ਝਾਕੀਆਂ ਲਈ ਭੇਜਿਆ ਸੀ। ਉਨ੍ਹਾਂ ਕਿਹਾ ਕਿ ਮਨਜ਼ੂਰੀ ਲਈ ਇਹ ਵਿਸ਼ੇ ਸਮੇਂ ਸਿਰ ਕੇਂਦਰ ਸਰਕਾਰ ਕੋਲ ਭੇਜ ਦਿੱਤੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਇਨ੍ਹਾਂ ਵਿਸ਼ਿਆਂ ਨੂੰ ਰੱਦ ਕਰ ਕੇ ਸੂਬੇ ਦੇ ਯੋਗਦਾਨ ਨੂੰ ਨਜ਼ਰਅੰਦਾਜ਼ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਮੰਦੇਭਾਗੀਂ ਕੇਂਦਰ ਸਰਕਾਰ ਸੂਬੇ ਅਤੇ ਦੇਸ਼ ਨਿਰਮਾਣ ਵਿੱਚ ਇਸ ਦੇ ਲਾਮਿਸ-ਾਲ ਯੋਗਦਾਨ ਦਾ ਮਜ਼ਾਕ ਉਡਾ ਰਹੀ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਚੇਤੇ ਕਰਵਾਇਆ ਕਿ ਜੇ ਅੰਡੇਮਾਨ ਤੇ ਨਿਕੋਬਾਰ ਨੂੰ ਆਪਣੀ ਝਾਕੀ ਪੇਸ਼ ਕਰਨੀ ਪੈਂਦੀ ਤਾਂ ਪੰਜਾਬ ਉਸ ਵਿੱਚ ਵੀ ਹੋਣਾ ਸੀ ਕਿਉਂਕਿ ਭਾਰਤ ਦੀ ਆਜ਼ਾਦੀ ਦਾ ਸੰਘਰਸ਼ ਪੰਜਾਬ ਤੇ ਪੰਜਾਬੀਆਂ ਦੇ ਯੋਗਦਾਨ ਨਾਲ ਭਰਿਆ ਹੋਇਆ ਹੈ, ਜਿਸ ਨੂੰ ਕਦੇ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਬਹੁਤ ਵੱਡੀ ਸਾਜ਼ਿਸ਼ ਹੈ ਤਾਂ ਕਿ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਪੰਜਾਬ ਦੀਆਂ ਕੁਰਬਾਨੀਆਂ ਨੂੰ ਛੁਪਾਇਆ ਜਾ ਸਕੇ।

ਭਾਜਪਾ ਦੇ ਚਾਪਲੂਸਾਂ ਉਤੇ ਹਮਲੇ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਲੋਕ ਇਨ੍ਹੀਂ ਦਿਨੀਂ ਦੇਸ਼ ਭਰ ਵਿੱਚ ਚੱਲ ਰਹੀਆਂ ਮੋਦੀ ਦੀਆਂ ਝਾਕੀਆਂ ਦਾ ਗੁਣਗਾਣ ਕਰਨ ਲੱਗੇ ਹੋਏ ਹਨ ਪਰ ਉਹ ਸ਼ਹੀਦਾਂ ਦੀਆਂ ਝਾਕੀਆਂ ਦੇ ਵਿਚਾਰ ਦੇ ਖ਼ਿਲਾਫ਼ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਕਦਮ ਨਾਲ ਇਕ ਵਾਰ ਫਿਰ ਭਾਜਪਾ ਦਾ ਪੰਜਾਬ ਵਿਰੋਧੀ ਚਿਹਰਾ ਬੇਨਕਾਬ ਹੋਇਆ ਹੈ। ਉਨ੍ਹਾਂ ਕੈਪਟਨ ਅਮਰਿੰ-ਦਰ ਸਿੰਘ, ਸੁਨੀਲ ਜਾਖੜ, ਆਰ.ਪੀ. ਸਿੰਘ, ਮਨਜਿੰਦਰ ਸਿਰਸਾ ਸਮੇਤ ਸਾਰੇ ਭਾਜਪਾ ਆਗੂਆਂ ਨੂੰ ਚੁਣੌਤੀ ਦਿੱਤੀ ਕਿ ਉਹ ਹੁਣ ਦੱਸਣ ਕਿ ਕੇਂਦਰ ਵਿਚਲੀ ਉਨ੍ਹਾਂ ਦੀ ਸਰਕਾਰ ਪੰਜਾਬ ਨਾਲ ਕਿਉਂ ਇੰਨੀ ਵੱਡੀ ਬੇਇਨਸਾਫ਼ੀ ਕਰ ਰਹੀ ਹੈ।

ਮੁੱਖ ਮੰਤਰੀ ਨੇ ਦੁਹਰਾਇਆ ਕਿ ਮੋਦੀ ਸਰਕਾਰ ਪੰਜਾਬ ਵਿਰੋਧੀ ਮਾਨਸਿਕਤਾ ਰੱਖਦੀ ਹੈ, ਜਿਸ ਕਾਰਨ ਉਹ ਸੂਬੇ ਨੂੰ ਬਰਬਾਦ ਕਰਨ ’ਤੇ ਤੁਲੀ ਹੋਈ ਹੈ। ਉਨ੍ਹਾਂ ਕਿਹਾ ਕਿ ਜੇਕਰ ਭਾਜਪਾ ਦੀ ਅਗਵਾਈ ਵਾਲੀ ਐਨ.ਡੀ.ਏ ਸਰਕਾਰ ਦਾ ਵੱਸ ਚੱਲੇ ਤਾਂ ਉਹ ਰਾਸ਼ਟਰੀ ਗੀਤ ਵਿੱਚੋਂ ਵੀ ਪੰਜਾਬ ਦਾ ਨਾਂ ਹਟਾ ਦੇਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਇਸ ਮਤਰੇਈ ਮਾਂ ਵਾਲੇ ਸਲੂਕ ਦੇ ਬਾਵਜੂਦ ਸੂਬੇ ਦੇ ਭਾਜਪਾ ਆਗੂ ਇਸ ਪੂਰੇ ਮਾਮਲੇ ’ਤੇ ਚੁੱਪ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਆਮ ਆਦਮੀ ਦੀ ਭਲਾਈ ਲਈ ਲਏ ਗਏ ਸਾਰੇ ਲੋਕ ਪੱਖੀ ਫੈਸਲਿਆਂ ਨੂੰ ਕੇਂਦਰ ਸਰਕਾਰ ਹਜ਼ਮ ਨਹੀਂ ਕਰ ਪਾ ਰਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਰਾਸ਼ਟਰੀ ਸਿਹਤ ਮਿਸ਼ਨ ਤਹਿਤ ਆਮ ਆਦਮੀ ਕਲੀਨਿਕਾਂ ਲਈ ਫੰਡ ਰੋਕੇ ਹੋਏ ਹਨ ਅਤੇ ਕੇਂਦਰ ਸਰਕਾਰ ਵੱਲੋਂ 5500 ਕਰੋੜ ਰੁਪਏ ਦੇ ਪੇਂਡੂ ਵਿਕਾਸ ਫੰਡ ਵੀ ਰੋਕ ਦਿੱਤੇ ਗਏ ਹਨ ਤਾਂ ਜੋ ਸੂਬਾ ਸਰਕਾਰ ਨੂੰ ਪੇਂਡੂ ਖੇਤਰਾਂ ਵਿੱਚ ਸੜਕਾਂ ਬਣਾਉਣ ਤੋਂ ਰੋਕਿਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਅਗਾਊਂ ਭੁਗਤਾਨ ਕੀਤੇ ਜਾਣ ਦੇ ਬਾਵਜੂਦ ਸੂਬੇ ਨੂੰ ਰੇਲ ਗੱਡੀਆਂ ਨਾ ਦੇ ਕੇ ਕੇਂਦਰ ਸਰਕਾਰ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨੂੰ ਰੋਕ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਵਾਰਾਣਸੀ, ਪਟਨਾ ਸਾਹਿਬ, ਨਾਂਦੇੜ ਸਾਹਿਬ, ਅਜਮੇਰ ਸ਼ਰੀਫ ਅਤੇ ਹੋਰ ਥਾਵਾਂ ਨੂੰ ਜਾਣ ਵਾਲੀਆਂ ਰੇਲਾਂ ਨੂੰ ਕੇਂਦਰ ਸਰਕਾਰ ਨੇ ਜਾਣ-ਬੁੱਝ ਕੇ ਰੋਕਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਦੀ ਇਸ ਕਾਰਵਾਈ ਦਾ ਇੱਕੋ-ਇਕ ਮਕਸਦ ਲੋਕਾਂ ਨੂੰ ਧਾਰਮਿਕ ਸਥਾਨਾਂ ’ਤੇ ਮੱਥਾ ਟੇਕਣ ਤੋਂ ਵਾਂਝੇ ਰੱਖਣਾ ਹੈ ਅਤੇ ਕੇਂਦਰ ਸਰਕਾਰ ਦੇ ਇਨ੍ਹਾਂ ਮਨਸੂਬਿਆਂ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਵਿਅੰਗ ਕਰਦਿਆਂ ਕਿਹਾ ਕਿ ਭਾਵੇਂ ਪ੍ਰਧਾਨ ਮੰਤਰੀ ਰੋਜ਼ਾਨਾ ਡਬਲ ਇੰਜਣ ਵਾਲੀ ਸਰਕਾਰ ਦੀ ਸ਼ੇਖੀ ਮਾਰ ਰਹੇ ਹਨ ਪਰ ਰੇਲਵੇ ਇਸ ਲੋਕ ਪੱਖੀ ਯੋਜਨਾ ਲਈ ਰੇਲ ਗੱਡੀਆਂ ਚਲਾਉਣ ਵਾਸਤੇ ਕੋਈ ਇੰਜਣ ਨਾ ਹੋਣ ਦਾ ਹਵਾਲਾ ਦੇ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅਜਿਹੇ ਦੋਹਰੇ ਇੰਜਣ ਵਾਲੀ ਸਰਕਾਰ ਦਾ ਕੀ ਫਾਇਦਾ ਜੇ ਲੋਕਾਂ ਦੀ ਭਲਾਈ ਲਈ ਬਣਾਈਆਂ ਗਈਆਂ ਸਕੀਮਾਂ ਦਾ ਲਾਭ ਲੋਕਾਂ ਨੂੰ ਹੀ ਨਹੀਂ ਮਿਲਦਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਸੂਬੇ ਦੀ ਝਾਕੀ ਨੂੰ ਸ਼ਾਮਲ ਨਾ ਕਰਨ ਦਾ ਮੁੱਦਾ ਕੇਂਦਰ ਸਰਕਾਰ ਕੋਲ ਜ਼ੋਰਦਾਰ ਢੰਗ ਨਾਲ ਉਠਾਉਣਗੇ। ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਵੱਲੋਂ ਗਣਤੰਤਰ ਦਿਵਸ ਦੀ ਪਰੇਡ ਵਿੱਚ ਇਹ ਝਾਕੀਆਂ ਸ਼ਾਮਲ ਨਹੀਂ ਕੀਤੀਆਂ ਜਾਂਦੀਆਂ ਤਾਂ ਵੀ ਸੂਬਾ ਸਰਕਾਰ ਵੱਲੋਂ 26 ਜਨਵਰੀ ਨੂੰ ਸੂਬੇ ਭਰ ਵਿੱਚ ਹੋਣ ਵਾਲੇ ਸਾਰੇ ਸਮਾਗਮਾਂ ਵਿੱਚ ਇਸ ਨੂੰ ‘ਕੇਂਦਰ ਸਰਕਾਰ ਵੱਲੋਂ ਰੱਦ’ ਦੇ ਬੈਨਰ ਹੇਠ ਸ਼ਾਮਲ ਕੀਤਾ ਜਾਵੇਗਾ ਅਤੇ ਸੂਬੇ ਦੀ ਅਮੀਰ ਵਿਰਾ-ਸਤ ਨੂੰ ਲੋਕਾਂ ਸਾਹਮਣੇ ਪੇਸ਼ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਮੁਖੀ ਹੋਣ ਦੇ ਨਾਤੇ ਉਹ ਕੇਂਦਰ ਸਰਕਾਰ ਵੱਲੋਂ ਦਿੱਤੀ ਚੁਣੌਤੀ ਨੂੰ ਸਵੀਕਾਰ ਕਰਦੇ ਹਨ ਕਿਉਂਕਿ ਭਗਵਾ ਪਾਰਟੀ ਅਜਿਹੀਆਂ ਸੌੜੀਆਂ ਚਾਲਾਂ ਨਾਲ ਦੇਸ਼ ਦੇ ਅੰਨਦਾਤਾ ਅਤੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਵਾਲੇ ਪੰਜਾਬ ਦਾ ਨਿਰਾਦਰ ਨਹੀਂ ਕਰ ਸਕਦੀ। ਉਨ੍ਹਾਂ ਕਿਹਾ ਕਿ ਇਹ ਅਸਵੀਕਾਰਯੋਗ ਹੈ ਕਿਉਂਕਿ ਇਸ ਨਾਲ ਹਰ ਪੰਜਾਬੀ ਦੇ ਸਵੈਮਾਣ ’ਤੇ ਸਿੱਧੀ ਸੱਟ ਮਾਰੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਨੂੰ ਆਤਮ ਨਿਰਭਰ ਬਣਾਉਣ ਲਈ ਪਹਿਲਾਂ ਹੀ ਠੋਸ ਯਤਨ ਕਰ ਰਹੀ ਹੈ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਮਾਮਲੇ ਵਿੱਚ ਕੇਂਦਰ ਤੋਂ ਮਦਦ ਨਾ ਲੈਣੀ ਪਵੇ।

# ਸ਼ਹੀਦੀ ਸਭਾ ਦੌਰਾਨ ਮੁੱਖ ਮੰਤਰੀ ਨੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ



ਚੰਡੀਗੜ੍ਹ, 27 ਦਸੰਬਰ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਜੀ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਜੋੜ ਮੇਲ ਦੇ ਦੂਜੇ ਦਿਨ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ।

ਪਵਿੱਤਰ ਅਸਥਾਨ ਉਤੇ ਮੱਥਾ ਟੇਕਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਮੁਕੱਦਸ ਅਸਥਾਨ ਨਾ ਸਿਰਫ ਸਿੱਖਾਂ ਲਈ ਸਗੋਂ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਕਿਹਾ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਜੀ ਨੇ ਬਾਲ ਉਮਰ ਵਿੱਚ ਸ਼ਹੀਦੀ ਪ੍ਰਾਪਤ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਤੇ ਸਾਹਿਬਜ਼ਾਦਾ ਫਤਹਿ ਸਿੰਘ ਜੀ ਦੀ ਸ਼ਹਾਦਤ ਵਾਲੀ ਇਹ ਪਾਵਨ ਧਰਤੀ ਸਦੀਆਂ ਤੋਂ ਪੰਜਾਬੀਆਂ ਨੂੰ ਬੇਇਨਸਾਫੀ, ਜਬਰ-ਜ਼ੁਲਮ ਅਤੇ ਦਮਨ ਦੇ ਖਿਲਾਫ਼ ਆਵਾਜ਼ ਬੁਲੰਦ ਕਰਨ ਲਈ ਪ੍ਰੇਰਿਤ ਕਰਦੀ ਆ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਨੇ ਉਸ ਮੌਕੇ ਦੇ ਸਰਹਿੰਦ ਦੇ ਮੁਗਲ ਹਾਕਮ ਦੇ ਆਪਹੁਦਰੇਪਣ ਅਤੇ ਧੱਕੇਸ਼ਾਹੀ ਦੇ ਵਿਰੁੱਧ ਖੜ੍ਹੇ ਹੋ ਕੇ ਨਿਰਭੈ ਤੇ ਬਹਾਦਰੀ ਦਾ ਮਿਸਾਲੀ ਪ੍ਰਗਟਾਵਾ ਕੀਤਾ ਸੀ। ਉਨ੍ਹਾਂ ਕਿਹਾ ਕਿ ਸਾਹਿਬਜ਼ਾਦਿਆਂ ਨੂੰ ਸੂਰਬੀਰਤਾ ਅਤੇ ਤਿਆਗ ਦੀ ਭਾਵਨਾ ਦਸਮੇਸ਼ ਪਿਤਾ ਜੀ ਪਾਸੋਂ ਗੁੜ੍ਹਤੀ ਵਿੱਚ ਮਿਲੀ ਹੈ ਅਤੇ ਗੁਰੂ ਸਾਹਿਬ ਜੀ ਨੇ ਮਨੁੱਖਤਾ ਦੀ ਖਾਤਰ ਹਕੂਮਤ ਦੇ ਖਿਲਾਫ਼ ਡਟ ਕੇ ਲੜਾਈ ਲੜੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਦੁਨੀਆ ਭਰ ਤੋਂ ਸੰਗਤ ਵਿਸ਼ਵ ਦੇ ਇਤਿਹਾਸ ਵਿੱਚ ਬੇਮਿਸਾਲ ਕੁਰਬਾਨੀ ਦੇਣ ਵਾਲੇ ਛੋਟੇ ਸਾਹਿਬਜ਼ਾਦਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਲਈ ਫਤਹਿਗੜ੍ਹ ਸਾਹਿਬ ਵਿਖੇ ਪਹੁੰਚ ਰਹੀ ਹਨ।

